SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 187 | Thursday, October 05, 2023 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਹੈਮਿਲਟਨ ਵਿੱਚ ਚੱਲੀ ਗੋਲੀ, ਇੱਕ ਹਲਾਕ




ਹੈਮਿਲਟਨ, 4 ਅਕਤੂਬਰ (ਪੋਸਟ ਬਿਊਰੋ) : ਮੰਗਲਵਾਰ ਦੇਰ ਰਾਤ ਹੈਮਿਲਟਨ ਵਿੱਚ ਚੱਲੀ ਗੋਲੀ ਕਾਰਨ ਇੱਕ ਵਿਅਕਤੀ ਦੀ ਮੌਤ ਹੋ ਗਈ। ਇਹ ਜਾਣਕਾਰੀ ਪੁਲਿਸ ਨੇ ਦਿੱਤੀ।

ਹੈਮਿਲਟਨ ਪੁਲਿਸ ਸਰਵਿਸ ਅਨੁਸਾਰ ਪੁਲਿਸ ਨੂੰ ਹਰਕਾਈਮਰ ਸਟਰੀਟ ਤੇ ਕੈਰੋਲੀਨ ਸਟਰੀਟ ਸਾਊਥ ਉੱਤੇ ਰਾਤੀਂ 11:00 ਵਜੇ ਕਈ ਗੋਲੀਆਂ ਚੱਲਣ ਦੀ ਖਬਰ ਦੇ ਕੇ ਸੱਦਿਆ ਗਿਆ। ਜਦੋਂ ਪੁਲਿਸ ਮੌਕੇ ਉੱਤੇ ਪਹੁੰਚੀ ਤਾਂ ਪੁਲਿਸ ਅਧਿਕਾਰੀਆਂ ਨੂੰ 36 ਸਾਲਾ ਵਿਅਕਤੀ ਗੋਲੀਆਂ ਲੱਗਣ ਕਾਰਨ ਜ਼ਖ਼ਮੀ ਹਾਲਤ ਵਿੱਚ ਮਿਲਿਆ। ਉਸ ਨੂੰ ਹਸਪਤਾਲ ਲਿਜਾਇਆ ਗਿਆ ਜਿੱਥੇ ਜ਼ਖ਼ਮਾਂ ਦੀ ਤਾਬ ਨਾ ਸਹਾਰਦਿਆਂ ਹੋਇਆਂ ਉਸ ਦੀ ਮੌਤ ਹੋ ਗਈ।

ਕੁੱਝ ਸਮੇਂ ਬਾਅਦ ਪੁਲਿਸ ਨੂੰ ਪਤਾ ਲੱਗਿਆ ਕਿ ਇੱਕ ਹੋਰ ਵਿਅਕਤੀ ਗੋਲੀ ਲੱਗਣ ਕਾਰਨ ਜ਼ਖ਼ਮੀ ਹਾਲਤ ਵਿੱਚ ਆਪਣੇ ਆਪ ਹੀ ਲੋਕਲ ਹਸਪਤਾਲ ਪਹੁੰਚਿਆ ਹੈ। ਪੁਲਿਸ ਹੁਣ ਇਹ ਪਤਾ ਲਾਉਣ ਦੀ ਕੋਸ਼ਿਸ਼ ਕਰ ਰਹੀ ਹੈ ਕਿ ਕਿਤੇ ਦੋਵੇਂ ਘਟਨਾਵਾਂ ਆਪਸ ਵਿੱਚ ਜੁੜੀਆਂ ਹੋਈਆਂ ਤਾਂ ਨਹੀਂ ਹਨ। ਪੁਲਿਸ ਨੇ ਇਹ ਵੀ ਦੱਸਿਆ ਕਿ ਉਹ ਉਸ ਥਾਂ ਦੀ ਵੀ ਪੂਰੀ ਨਿਗਰਾਨੀ ਕਰ ਰਹੀ ਹੈ ਜਿੱਥੇ ਗੋਲੀਆਂ ਦੇ ਕਈ ਖੋਲ ਮਿਲੇ ਹਨ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਕੰਜ਼ਰਵੇਟਿਵਾਂ ਵੱਲੋਂ ਲਿਆਂਦੇ ਮਤੇ ਦਾ ਲਿਬਰਲ ਐਮਪੀ ਨੇ ਦਿੱਤਾ ਸਾਥ



ਓਟਵਾ, 4 ਅਕਤੂਬਰ (ਪੋਸਟ ਬਿਊਰੋ) : ਆਪਣੇ ਕਾਰਬਨ ਪ੍ਰਾਈਸਿੰਗ ਸਿਸਟਮ ਨੂੰ ਮਨਸੂਖ਼ ਕਰਨ ਦੀ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੂੰ ਅਸਫਲ ਅਪੀਲ ਕਰਨ ਵਾਲੇ ਕੰਜ਼ਰਵੇਟਿਵ ਆਗੂ ਪਿਏਰ ਪੌਲੀਏਵਰ ਦਾ ਸਾਥ ਐਤਕੀਂ ਇੱਕ ਲਿਬਰਲ ਐਮਪੀ ਵੱਲੋਂ ਜ਼ਰੂਰ ਦਿੱਤਾ ਗਿਆ।

ਬੁੱਧਵਾਰ ਨੂੰ ਮੁੱਖ ਵਿਰੋਧੀ ਧਿਰ ਵੱਲੋਂ ਇਸ ਸਬੰਧ ਵਿੱਚ ਲਿਆਂਦੇ ਗਏ ਮਤੇ ਦੇ ਹੱਕ ਵਿੱਚ ਲਿਬਰਲ ਐਮਪੀ ਐਵਲੌਨ ਮੈਕਡੌਨਲਡ ਵੱਲੋਂ ਵੋਟ ਪਾਈ ਗਈ। ਹਾਲਾਂਕਿ ਇਹ ਮਤਾ 119 ਦੇ ਮੁਕਾਬਲੇ 209 ਵੋਟਾਂ ਨਾਲ ਅਸਫਲ ਰਿਹਾ ਪਰ ਮੈਕਡੌਨਲਡ ਹੀ ਅਜਿਹੇ ਲਿਬਰਲ ਕਾਕਸ ਮੈਂਬਰ ਸਨ, ਜਿਨ੍ਹਾਂ ਨੇ ਲਿਬਰਲਾਂ, ਬਲਾਕ ਕਿਊਬਿਕੁਆ ਤੇ ਐਨਡੀਪੀ ਕਾਕਸਿਜ਼ ਨੂੰ ਵੀ ਪਾਸੇ ਕਰਦਿਆਂ ਕੰਜ਼ਰਵੇਟਿਵਾਂ ਦਾ ਸਾਥ ਦਿੱਤਾ।

ਜਦੋਂ ਮੈਕਡੌਨਲਡ ਮਤੇ ਦੇ ਹੱਕ ਵਿੱਚ ਵੋਟ ਪਾਉਣ ਲਈ ਉੱਠੇ ਤਾਂ ਕੰਜ਼ਰਵੇਟਿਵਾਂ ਵੱਲੋਂ ਬਹੁਤ ਜੋਸ਼ੋ ਖਰੋਸ਼ ਨਾਲ ਉਨ੍ਹਾਂ ਨੂੰ ਹੋਰ ਹੱਲਾਸ਼ੇਰੀ ਦਿੱਤੀ ਗਈ ਤੇ ਉਨ੍ਹਾਂ ਦੀ ਸ਼ਲਾਘਾ ਕੀਤੀ ਗਈ।

## ਟੋਰਾਂਟੋ ਪੈਰਾਮੈਡਿਕਸ ਯੂਨੀਅਨ ਨੇ ਜਾਰੀ ਕੀਤਾ ਕੋਡ ਰੈੱਡ

ਟੋਰਾਂਟੋ, 4 ਅਕਤੂਬਰ (ਪੋਸਟ ਬਿਊਰੋ) : ਸੋਮਵਾਰ ਨੂੰ ਜਾਰੀ ਕੀਤੇ ਗਏ ਕੋਡ ਰੈੱਡ ਐਲਰਟ ਦੌਰਾਨ ਟੋਰਾਂਟੋ ਵਿੱਚ ਅਜਿਹਾ ਪਹਿਲੀ ਵਾਰੀ ਹੋਇਆ ਹੈ ਕਿ ਪੈਰਾਮੈਡਿਕਸ ਨੂੰ ਬਾਹਰੋਂ ਸੱਦਣਾ ਪਿਆ ਹੋਵੇ।

ਟੋਰਾਂਟੋ ਪੈਰਾਮੈਡਿਕਸ ਯੂਨੀਅਨ ਨੇ ਦੱਸਿਆ ਕਿ ਉਨ੍ਹਾਂ ਨੂੰ ਕਾਲ ਕਰਨ ਦੀ ਵੌਲੀਊਮ ਐਨੀ ਜ਼ਿਆਦਾ ਸੀ ਕਿ ਸੇਵਾਵਾਂ ਪੂਰੀਆਂ ਨਹੀਂ ਸਨ ਪੈ ਰਹੀਆਂ। ਕਿਊਪ ਲੋਕਲ ਪੈਰਾਮੈਡਿਕਸ ਯੂਨੀਅਨ (ਟੀਸੀਈਯੂ ਲਕਲ 416) ਦੇ ਚੇਅਰ ਮਾਈਕ ਮੈਰੀਮੈਨ ਨੇ ਦੱਸਿਆ ਕਿ ਹਾਲਾਤ ਇੱਥੋਂ ਤੱਕ ਖਰਾਬ ਹੋ ਗਏ




ਕਿ ਕਈ ਮਰੀਜ਼ਾਂ ਨੂੰ ਐਂਬੂਲੈਂਸ ਦੀ ਉਡੀਕ ਵਿੱਚ ਅੱਠ ਘੰਟੇ ਤੱਕ ਉਡੀਕ ਕਰਨੀ ਪਈ। ਯੂਨੀਅਨ ਦਾ ਕਹਿਣਾ ਹੈ ਕਿ ਟੋਰਾਂਟੋ ਵਰਗੀ ਸਿਟੀ, ਜਿਸ ਦਾ ਪਸਾਰ ਹੋ ਰਿਹਾ ਹੈ, ਵਿੱਚ ਸਟਾਫ ਦੀ ਘਾਟ ਬਹੁਤ ਵੱਡੀ ਸਮੱਸਿਆ ਹੈ।

ਇਸ ਸਾਲ ਬਜਟ ਵਿੱਚ 21 ਬਿਲੀਅਨ ਡਾਲਰ ਦੇ ਵਾਧੇ ਦੇ ਬਾਵਜੂਦ ਲੋੜੀਂਦੇ ਪੈਰਾਮੈਡਿਕਸ ਭਰਤੀ ਨਹੀਂ ਕੀਤੇ ਗਏ ਹਨ। ਜਦੋਂ ਇਸ ਬਾਰੇ ਪੁੱਛਿਆ ਗਿਆ ਤਾਂ ਟੋਰਾਂਟੋ ਪੈਰਾਮੈਡਿਕਸ ਸਰਵਿਸਿਜ਼ ਨੇ ਆਖਿਆ ਕਿ ਲੋੜ ਪੈਣ ਉੱਤੇ ਉਨ੍ਹਾਂ ਦੇ ਵਰਕਰ ਘੱਟ ਤਰਜੀਹ ਵਾਲੀਆਂ ਕਾਲਜ਼ ਤੋਂ ਵੱਧ ਤਰਜੀਹ ਵਾਲੀਆਂ ਕਾਲਜ਼ ਵੱਲ ਵਧੇਰੇ ਧਿਆਨ ਦਿੰਦੇ ਹਨ। ਬੁਲਾਰੇ ਨੇ ਦੱਸਿਆ ਕਿ ਸੋਮਵਾਰ ਵਾਂਗ ਬਹੁਤੇ ਮਸ਼ਰੂਫ ਦਿਨ ਵਿੱਚ ਪੈਰਾਮੈਡਿਕਸ ਨੂੰ ਵੰਡ ਕੇ ਕੰਮ ਲਈ ਭੇਜਿਆ ਜਾਂਦਾ ਹੈ। ਵੱਧ ਤਰਜੀਹ ਵਾਲੀਆਂ ਕਾਲਜ਼ ਨੂੰ ਪਹਿਲ ਦੇ ਆਧਾਰ ਉੱਤੇ ਨਜਿੱਠਿਆ ਜਾਂਦਾ ਹੈ।

## ਸਕਾਰਬਰੋ ਵਿੱਚ ਕਈ ਗੱਡੀਆਂ ਆਪਸ ਵਿੱਚ ਟਕਰਾਈਆਂ, 4 ਜ਼ਖ਼ਮੀ

ਸਕਾਰਬਰੋ, 4 ਅਕਤੂਬਰ (ਪੋਸਟ ਬਿਊਰੋ) : ਬੁੱਧਵਾਰ ਦੁਪਹਿਰ ਨੂੰ ਸਕਾਰਬਰੋ ਵਿੱਚ ਕਈ ਗੱਡੀਆਂ ਦੇ ਆਪਸ ਵਿੱਚ ਟਕਰਾਉਣ ਕਾਰਨ ਚਾਰ ਵਿਅਕਤੀ ਜ਼ਖ਼ਮੀ ਹੋ ਗਏ, ਜਿਨ੍ਹਾਂ ਵਿੱਚੋਂ ਦੋ ਦੀ ਹਾਲਤ ਨਾਜ਼ੁਕ ਦੱਸੀ ਜਾਂਦੀ ਹੈ। ਦੁਪਹਿਰੇ 2:00 ਵਜੇ ਤੋਂ ਬਾਅਦ ਐਲਸਮੇਅਰ ਤੇ ਮਾਰਖਮ ਰੋਡ ਉੱਤੇ ਤਿੰਨ ਗੱਡੀਆਂ ਦੀ ਟੱਕਰ ਹੋਣ ਦੀ ਖਬਰ ਦੇ ਕੇ ਟੋਰਾਂਟੋ ਪੁਲਿਸ ਨੂੰ ਮੌਕੇ



ਉੱਤੇ ਸੱਦਿਆ ਗਿਆ। ਪੈਰਾਮੈਡਿਕਸ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਇੱਕ ਵਿਅਕਤੀ ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਦੋ ਹੋਰਨਾਂ ਵਿਅਕਤੀਆਂ ਨੂੰ ਵੀ ਹਸਪਤਾਲ ਲਿਜਾਇਆ ਗਿਆ। ਇਨ੍ਹਾਂ ਵਿੱਚੋਂ ਇੱਕ ਦੀ ਹਾਲਤ ਨਾਜ਼ੁਕ ਸੀ ਤੇ ਦੂਜੇ ਨੂੰ ਮਾਮੂਲੀ ਸੱਟਾਂ ਲੱਗੀਆਂ ਸਨ। ਇਨ੍ਹਾਂ ਦੀਆਂ ਉਮਰਾਂ ਬਾਰੇ ਅਜੇ ਕੋਈ ਜਾਣਕਾਰੀ ਹਾਸਲ ਨਹੀਂ ਹੋਈ ਹੈ।

ਇਸ ਹਾਦਸੇ ਵਿੱਚ ਚੌਥਾ ਵਿਅਕਤੀ ਵੀ ਜ਼ਖ਼ਮੀ ਹੋਇਆ ਪਰ ਉਸ ਦੀ ਮੌਕੇ ਉੱਤੇ ਹੀ ਜਾਂਚ ਕਰਕੇ ਇਲਾਜ ਕਰ ਦਿੱਤਾ ਗਿਆ। ਪੁਲਿਸ ਨੇ ਦੱਸਿਆ ਕਿ ਹਾਦਸੇ ਵਿੱਚ ਸ਼ਾਮਲ ਗੱਡੀਆਂ ਮੌਕੇ ਉੱਤੇ ਹੀ ਮੌਜੂਦ ਸਨ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਪਤਨੀ ਦੇ ਕਤਲ ਦੇ ਸਬੰਧ ਵਿੱਚ ਪਤੀ ਨੂੰ ਕੀਤਾ ਗਿਆ ਚਾਰਜ

ਬਰੈਂਪਟਨ, 4 ਅਕਤੂਬਰ (ਪੋਸਟ ਬਿਊਰੋ) : ਬਰੈਂਪਟਨ ਵਿੱਚ ਇੱਕ ਵਿਅਕਤੀ ਨੂੰ ਆਪਣੀ ਪਤਨੀ ਦਾ ਕਤਲ ਕਰਨ ਲਈ ਸੈਕਿੰਡ ਡਿਗਰੀ ਮਰਡਰ ਚਾਰਜਿਜ਼ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸੋਮਵਾਰ ਨੂੰ ਸਵੇਰੇ 10:30 ਵਜੇ ਤੋਂ ਪਹਿਲਾਂ ਪੀਲ ਰੀਜਨਲ ਪੁਲਿਸ ਨੂੰ ਪਲੈਂਟੀਵੁੱਡ ਡਰਾਈਵ ਤੇ ਫਾਇਨਾਂਸ਼ੀਅਲ ਡਰਾਈਵ ਏਰੀਆ ਵਿੱਚ ਸਥਿਤ ਇੱਕ ਘਰ ਵਿੱਚ ਸੱਦਿਆ ਗਿਆ। ਉੱਥੇ ਪੁਲਿਸ ਨੂੰ ਇੱਕ ਮਹਿਲਾ ਮ੍ਰਿਤਕ ਪਈ ਮਿਲੀ ਪਰ ਜ਼ਾਹਰਾ ਤੌਰ ਉੱਤੇ ਉਸ ਦੇ ਸ਼ਰੀਰ ਉੱਤੇ ਸੱਟਾਂ ਦੇ ਨਿਸ਼ਾਨ ਵੀ ਸਨ। ਉਸ ਦੀ ਪਛਾਣ ਬਰੈਂਪਟਨ ਦੀ 46 ਸਾਲਾ ਰੈਣਾ ਬਡਰਾਂ ਵਜੋਂ ਹੋਈ। ਸੋਮਵਾਰ ਨੂੰ ਪੁਲਿਸ ਨੇ ਮ੍ਰਿਤਕਾ ਦੇ 37 ਸਾਲਾ ਪਤੀ ਬਰੈਂਪਟਨ ਦੇ ਹੀ 37 ਸਾਲਾ ਬੇਸਲ ਮੁਹੰਮਦ ਨੂੰ ਗ੍ਰਿਫਤਾਰ ਕਰ ਲਿਆ ਤੇ ਉਸ ਉੱਤੇ ਸੈਕਿੰਡ ਡਿਗਰੀ ਮਰਡਰ ਦੇ ਚਾਰਜਿਜ਼ ਲਾਏ ਗਏ। ਪੁਲਿਸ ਨੇ ਦੱਸਿਆ ਕਿ ਮਸ਼ਕੂਕ ਨੂੰ ਜ਼ਮਾਨਤ ਦੀ ਸੁਣਵਾਈ ਲਈ ਅਦਾਲਤ ਸਾਹਮਣੇ ਪੇਸ਼ ਕੀਤਾ ਗਿਆ। ਮਹਿਲਾ ਦੀ ਮੌਤ ਸਬੰਧੀ ਜਾਂਚ ਜਾਰੀ ਹੈ।

## ਸਤੰਬਰ ਵਿੱਚ ਜੀਟੀਏ ਵਿੱਚ ਘਰਾਂ ਦੀ ਵਿੱਕਰੀ 7.1 ਫੀ ਸਦੀ ਤੱਕ ਡਿੱਗੀ

ਟੋਰਾਂਟੋ, 4 ਅਕਤੂਬਰ (ਪੋਸਟ ਬਿਊਰੋ) : ਸਤੰਬਰ 2022 ਦੇ ਮੁਕਾਬਲੇ ਗ੍ਰੇਟਰ ਟੋਰਾਂਟੋ ਏਰੀਆ ਵਿੱਚ ਘਰਾਂ ਦੀ ਵਿੱਕਰੀ ਪਿਛਲੇ ਮਹੀਨੇ 7.1 ਫੀ ਸਦੀ ਤੱਕ ਡਿੱਗ ਗਈ। ਸੈਮੀ ਡਿਟੈਚਡ ਘਰਾਂ ਤੇ ਟਾਊਨਹਾਊਸਿਜ਼ ਦੀ ਵਿੱਕਰੀ ਵਿੱਚ ਖਾਸ ਤੌਰ ਉੱਤੇ ਕਮੀ ਆਈ ਹੈ।



ਟੋਰਾਂਟੋ ਰੀਜਨਲ ਰੀਅਲ ਅਸਟੇਟ ਬੋਰਡ ਦਾ ਕਹਿਣਾ ਹੈ ਕਿ ਪਿਛਲੇ ਮਹੀਨੇ 4,642 ਘਰ ਵਿਕੇ ਪਰ ਇਹ ਵੀ ਮਹੀਨਾ ਦਰ ਮਹੀਨਾ ਘਰਾਂ ਦੀ ਵਿੱਕਰੀ ਵਿੱਚ ਆਈ ਕਮੀ ਨੂੰ ਹੀ ਦਰਸਾਉਂਦੇ ਹਨ। ਬੋਰਡ ਦਾ ਕਹਿਣਾ ਹੈ ਕਿ ਇਹ ਘਰਾਂ ਦੀ ਵਿੱਕਰੀ ਵਿੱਚ ਆਈ ਗਿਰਾਵਟ ਦੇ ਰੁਝਾਨ ਪਿੱਛੇ ਕਈ ਕਾਰਨ ਜ਼ਿੰਮੇਵਾਰ ਹਨ ਜਿਵੇਂ ਕਿ ਕਰਜ਼ਾ ਲੈਣ ਲਈ ਉੱਚੀਆਂ ਕੀਮਤਾਂ, ਮਹਿੰਗਾਈ, ਬੈਂਕ ਆਫ ਕੈਨੇਡਾ ਦੇ ਭਵਿੱਖ ਦੇ ਫੈਸਲੇ ਤੇ ਮੱਠਾ ਆਰਥਿਕ ਵਿਕਾਸ ਆਦਿ।

ਇਸ ਦੌਰਾਨ ਅਗਸਤ ਦੇ ਮੁਕਾਬਲੇ ਔਸਤ ਘਰ ਦੀ ਕੀਮਤ 1,119,428 ਡਾਲਰ ਤੱਕ ਅੱਪੜ ਗਈ ਹੈ। ਇਹ ਕੀਮਤ ਅਗਸਤ ਨਾਲੋਂ 3•4 ਫੀ ਸਦੀ ਵੱਧ ਹੈ ਤੇ ਪਿਛਲੇ ਸਤੰਬਰ ਨਾਲੋਂ ਤਿੰਨ ਫੀ ਸਦੀ ਜ਼ਿਆਦਾ ਹੈ। ਟੀਆਰਆਰਈਬੀ ਦੇ ਪ੍ਰੈਜ਼ੀਡੈਂਟ ਪਾਲ ਬੈਰਨ ਨੇ ਆਖਿਆ ਕਿ ਕਰਜ਼ੇ ਲਈ ਮਹਿੰਗੀਆਂ ਕੀਮਤਾਂ 2024 ਦੇ ਮੱਧ ਤੱਕ ਚੱਲਣ ਦੀ ਸੰਭਾਵਨਾ ਹੈ ਤੇ ਉਸ ਤੋਂ ਬਾਅਦ ਇਨ੍ਹਾਂ ਵਿੱਚ ਕਮੀ ਆਉਣੀ ਸ਼ੁਰੂ ਹੋਵੇਗੀ। ਇਸ ਤੋਂ ਇਹ ਕਿਆਫਾ ਲਾਇਆ ਜਾ ਸਕਦਾ ਹੈ ਕਿ ਅਗਲੇ ਸਾਲ ਤੇ ਦੂਜੇ ਅੱਧ ਵਿੱਚ ਘਰ ਖਰੀਦਣ ਵਾਲਿਆਂ ਦੀ ਗਿਣਤੀ ਵਿੱਚ ਵਾਧਾ ਹੋਵੇਗਾ।

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
416 938 4598

KELLEY LAW OFFICE
Immigration Real Estate
Family Law Business Closing
Corporate Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Law Office of Aman Sharma
-Real Estate -Commercial Lease
-Business Purchase & Sale
-Notarizations & Affidavits
-Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6 Brampton, ON, L6P 3W4
Aman Sharma
Open Saturday
Providing excellent quality legal services to our clients

MagGas Medical Brampton
MGM
MAGGAS MEDICAL INC.
•CPAP machines, masks and supplies
•Free consultations
•30 day mask exchange
•Free deliveries
(647) 954-9885
20 Maritime Ont Blvd Unit 15
Brampton, ON L6S 0C2

Allstate
You're in good hands.
Insurance
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca topinsuranceservices.ca

INSURANCE
Home Auto
Business Trucking
Life Insurance Commercial
647-206-2452
Sukhwinder K Singh
CONNEX
7050A Bramalea Rd, Unit # 13, Mississauga, ON L5S 1T1

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Aaxel InsuranceBrokers Ltd.
1332 Khalsa Dr, Unit # 11,

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਣਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca 416-502-3100 Unit #20 - 7015 Tranmere Drive Mississauga, ON L5S 1T7

CN Forklift Training Center
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

Mortgage! We Will Beat Any Rate !!!
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial
Harpreet Singh Goraya
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਡੇਅਕੇਅਰ ਦੀ ਫੈਂਸ ਨਾਲ ਗੱਡੀ ਟਕਰਾਈ, ਦੋ ਬੱਚੇ ਤੇ ਇੱਕ ਬਾਲਗ ਜ਼ਖ਼ਮੀ

ਵਾਅਨ, 4 ਅਕਤੂਬਰ (ਪੋਸਟ ਬਿਊਰੋ) : ਬੁੱਧਵਾਰ ਸਵੇਰੇ ਵਾਅਨ ਵਿੱਚ ਇੱਕ ਗੱਡੀ ਡੇਅਕੇਅਰ ਦੀ ਫੈਂਸ ਨਾਲ ਜਾ ਟਕਰਾਈ, ਜਿਸ ਕਾਰਨ ਦੋ ਬੱਚੇ ਜ਼ਖ਼ਮੀ ਹੋ ਗਏ।

ਰੁਦਰਫੋਰਡ ਰੋਡ ਤੇ ਮੈਲਵਿੱਲ ਐਵਨਿਊ ਏਰੀਆ ਵਿੱਚ ਸਵੇਰੇ 9:30 ਦੇ ਨੇੜੇ ਤੇੜੇ ਗੱਡੀ ਨੂੰ ਪੇਸ਼ ਆਏ ਹਾਦਸੇ ਤੋਂ ਬਾਅਦ ਐਮਰਜੰਸੀ ਅਮਲਾ ਮੌਕੇ ਉੱਤੇ ਪਹੁੰਚਿਆ। ਜਾਂਚਕਾਰਾਂ ਨੇ ਦੱਸਿਆ ਕਿ ਬੱਚੇ ਉਸ ਸਮੇਂ ਡੇਅਕੇਅਰ ਦੇ ਬਾਹਰ ਵਾਲੇ ਇਲਾਕੇ ਵਿੱਚ ਖੇਡ ਰਹੇ ਸਨ ਜਦੋਂ ਡਰਾਈਵਰ ਆਪਣੀ ਗੱਡੀ ਤੋਂ ਕਾਬੂ ਗੁਆ ਬੈਠਿਆ ਤੇ ਡੇਅਕੇਅਰ ਦੇ ਬਾਹਰ ਲੱਗੀ ਮੈਟਲ ਦੀ ਫੈਂਸ ਨੂੰ ਤੋੜਦੀ ਹੋਈ ਗੱਡੀ ਦੋ ਬੱਚਿਆਂ ਤੇ ਇੱਕ ਮੁਲਾਜ਼ਮ ਨਾਲ ਜਾ ਟਕਰਾਈ।

ਮਾਮੂਲੀ ਸੱਟਾਂ ਲੱਗਣ ਕਾਰਨ 2 ਤੇ 3 ਸਾਲ ਦੇ ਦੋ ਲੜਕਿਆਂ ਤੇ ਇੱਕ ਮੁਲਾਜ਼ਮ ਨੂੰ ਹਸਪਤਾਲ ਲਿਜਾਇਆ ਗਿਆ। ਪੁਲਿਸ ਨੇ ਦੱਸਿਆ ਕਿ ਬਾਕੀ ਸਾਰੇ ਬੱਚੇ ਠੀਕ ਠਾਕ ਸਨ ਤੇ ਉਨ੍ਹਾਂ ਨੂੰ ਕੋਈ ਸੱਟ



ਫੇਟ ਨਹੀਂ ਸੀ ਲੱਗੀ। ਯੌਰਕ ਰੀਜਨਲ ਪੁਲਿਸ ਸਾਰਜੈਂਟ ਕਲਿੰਟ ਵ੍ਹਿਟਨੀ ਨੇ ਆਖਿਆ ਕਿ ਜਿਨ੍ਹਾਂ ਲੋਕਾਂ ਨਾਲ ਗੱਡੀ ਟਕਰਾਈ ਉਨ੍ਹਾਂ ਨੂੰ ਮਾਮੂਲੀ ਸੱਟਾਂ ਹੀ ਲੱਗੀਆਂ ਪਰ ਫਿਰ ਵੀ ਇਹ ਹਾਦਸਾ ਅਪਸੈੱਟ ਕਰਨ ਵਾਲਾ ਹੈ।

ਗੱਡੀ ਦੇ 80 ਸਾਲਾ ਡਰਾਈਵਰ ਨੂੰ ਕੋਈ ਸੱਟ ਨਹੀਂ ਲੱਗੀ। ਉਸ ਉੱਤੇ ਅਜੇ ਤੱਕ ਕੋਈ ਚਾਰਜਿਜ਼ ਵੀ ਨਹੀਂ ਲਾਏ ਗਏ ਹਨ। ਹਾਦਸੇ ਦੇ ਪਿੱਛੇ ਕੀ ਕਾਰਨ ਸੀ, ਇਸ ਬਾਰੇ ਵੀ ਕੋਈ ਜਾਣਕਾਰੀ ਨਹੀਂ ਮਿਲ ਸਕੀ।

## ਅੱਜ ਨਾਮਾ

ਲੱਗਾ ਕੇਸ ਸੀ ਕੋਰਟ ਵਿੱਚ ਪਾਣੀਆਂ ਦਾ,
ਫਿਰ ਤੋਂ ਪੈ ਗਈ ਪੰਜਾਬ ਨੂੰ ਸੱਟ ਮੀਆਂ।
ਕਹਿੰਦੇ ਕੋਰਟ ਦਾ ਰੁਖ ਕੁਝ ਸਖਤ ਸੀਗਾ,
ਫਰੀਕਾਂ ਬਾਕੀਆਂ ਦੀ ਉਹੀਉ ਰੱਟ ਮੀਆਂ।
ਰਿਹਾ ਹੈ ਹੁੰਦਾ ਪੰਜਾਬ ਨਾਲ ਨਿੱਤ ਧੱਕਾ,
ਮੁਸੀਬਤ ਹੋਈ ਨਾ ਦਿੱਸਦੀ ਘੱਟ ਮੀਆਂ।
ਪਤਾ ਨਹੀਂ ਕੀਹਨੇ ਕੀ ਲੈਣਾ ਪੰਜਾਬ ਕੋਲੋਂ,
ਅਧਿਕਾਰ ਪੰਜਾਬ ਦੇ ਲਏ ਈ ਚੱਟ ਮੀਆਂ।
ਵਾਰ-ਵਾਰ ਇਹਹੁੰਦੀ ਜਾਏ ਬੇ-ਨਿਆਂਈ,
ਹਰ ਵਾਰ ਏਹਦੇ'ਤੇ ਹੁੰਦਾ ਹੈ ਵਾਰ ਮੀਆਂ।
ਵਾਰ ਦੁਸ਼ਮਣ ਦਾ ਛਾਤੀ'ਤੇ ਇਹ ਸਹਿੰਦਾ,
ਪੈਂਦੀ ਅੰਦਰ ਵੀ ਰਹਿੰਦੀ ਆ ਮਾਰ ਮੀਆਂ।

**ਤੀਸ ਮਾਰ ਖਾਂ**

# ਮੁੱਖ ਮੰਤਰੀ ਵਲੋਂ ਪੰਜਾਬ ਦੇ ਜਵਾਨ ਪਰਮਿੰਦਰ ਸਿੰਘ ਦੀ ਕਾਰਗਿਲ ਵਿਚ ਸ਼ਹਾਦਤ ’ਤੇ ਡੂੰਘੇ ਦੁੱਖ ਦਾ ਪ੍ਰਗਟਾਵਾ

ਚੰਡੀਗੜ੍ਹ, 4 ਅਕਤੂਬਰ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਦੇ ਜਵਾਨ ਦੀ ਕਾਰਗਿਲ ਵਿਚ ਡਿਊਟੀ ਨਿਭਾਉਂਦਿਆਂ ਹੋਈ ਸ਼ਹਾਦਤ ’ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

ਇੱਥੇ ਜਾਰੀ ਇਕ ਬਿਆਨ ਵਿਚ ਮੁੱਖ ਮੰਤਰੀ ਨੇ ਕਿਹਾ ਕਿ ਸੰਗਰੂਰ ਜ਼ਿਲ੍ਹੇ ਦੇ ਪਿੰਡ ਛਾਜਲੀ ਨਾਲ ਸਬੰਧਤ ਭਾਰਤੀ ਫੌਜ ਦਾ ਜਵਾਨ ਪਰਮਿੰਦਰ ਸਿੰਘ ਕਾਰਗਿਲ ਵਿਚ ਸਿਖਲਾਈ ਦੌਰਾਨ ਹਾਦਸੇ ਵਿਚ ਸ਼ਹੀਦ ਹੋ ਗਿਆ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਦੇਸ਼ ਅਤੇ ਪਰਿਵਾਰ ਲਈ ਨਾ ਪੂਰਿਆ ਜਾਣ ਵਾਲਾ ਘਾਟਾ ਹੈ। ਮੁੱਖ ਮੰਤਰੀ ਨੇ



ਪੀੜਤ ਪਰਿਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਇਸ ਦੁੱਖ ਦੀ ਘੜੀ ਵਿਚ ਪੰਜਾਬ ਸਰਕਾਰ ਪਰਿਵਾਰ ਨਾਲ ਖੜ੍ਹੀ ਹੈ। ਉਨ੍ਹਾਂ ਕਿਹਾ ਕਿ ਸ਼ਹੀਦ ਪਰਮਿੰਦਰ ਸਿੰਘ ਨੇ ਆਪਣੀ ਡਿਊਟੀ ਬਹਾਦਰੀ ਨਾਲ ਨਿਭਾਉਂਦਿਆਂ ਪੇਸ਼ੇਵਰ ਸਮਰਪਣ ਦਾ ਮੁਜ਼ਾਹਰਾ ਕੀਤਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸ਼ਹੀਦ ਦਾ ਬਲੀਦਾਨ ਨੌਜਵਾਨਾਂ ਨੂੰ ਆਪਣੀ ਡਿਊਟੀ ਸਮਰਪਣ ਤੇ ਵਚਨਬੱਧਤਾ ਨਾਲ ਨਿਭਾਉਣ ਲਈ ਪ੍ਰੇਰਿਤ ਕਰੇਗਾ। ਉਨ੍ਹਾਂ ਦੱਸਿਆ ਕਿ ਪੀੜਤ ਪਰਿਵਾਰ ਨੂੰ ਸੂਬਾ ਸਰਕਾਰ ਦੀ ਨੀਤੀ ਮੁਤਾਬਕ ਵਿੱਤੀ ਸਹਾਇਤਾ ਦਿੱਤੀ ਜਾਵੇਗੀ।


# ਈਰਾਨ ਵਿਚ ਹਿਜਾਬ ਨਾ ਪਾਉਣ 'ਤੇ 16 ਸਾਲਾ ਲੜਕੀ ਦੀ ਬੇਰਹਿਮੀ ਨਾਲ ਕੀਤੀ ਕੁੱਟਮਾਰ, ਕੋਮਾ ’ਚ



ਤਹਿਹਾਨ, 4 ਅਕਤੂਬਰ (ਪੋਸਟ ਬਿਊਰੋ): ਈਰਾਨ ਦਾ ਇਕ ਦਿਲ ਦਹਿਲਾ ਦੇਣ ਵਾਲਾ ਮਾਮਲਾ ਸਾਹ-ਮਣੇ ਆਇਆ ਹੈ। ਦਰਅਸਲ ਈਰਾਨ ਵਿੱਚ ਇੱਕ ਵਾਰ ਫਿਰ ਅਜਿਹਾ ਹਿਜਾਬ ਨਾ ਪਹਿਨਣ ਕਾਰਨ ਇਕ 16 ਸਾਲਾ ਕੁੜੀ ਦੀ ਕੁੱਟਮਾਰ ਕੀਤੀ ਗਈ ਹੈ। ਇਲਜ਼ਾਮ ਹੈ ਕਿ ਈਰਾਨ ਦੀ ਨੈਤਿਕ ਪੁਲਸ ਦੁਆਰਾ ਕੁੱਟਮਾਰ ਦੇ ਬਾਅਦ 16 ਸਾਲ ਦੀ ਕੁੜੀ ਕੋਮਾ ਵਿੱਚ ਹੈ ਅਤੇ ਉਹ ਜ਼ਿੰਦਗੀ ਅਤੇ ਮੌਤ ਵਿਚਕਾਰ ਝੂਲ ਰਹੀ ਹੈ। ਇਲਜ਼ਾਮ ਹੈ ਕਿ ਮਹਿਲਾ ਪੁਲਸ ਕਰਮੀਆਂ ਨੇ ਹਿਜਾਬ ਨਾ ਪਹਿਨਣ 'ਤੇ ਮੈਟਰੋ 'ਚ ਕੁੜੀ ਨੂੰ ਕੁੱਟਿਆ, ਜਿਸ ਕਾਰਨ ਉਸ ਦੇ ਸਿਰ ਅਤੇ ਗਰਦਨ 'ਤੇ ਗੰਭੀਰ ਸੱਟਾਂ ਲੱਗੀਆਂ।

ਹਾਲਾਂਕਿ ਈਰਾਨ ਸਰਕਾਰ ਨੇ ਇਸ ਤੋਂ ਇਨਕਾਰ ਕੀਤਾ ਹੈ ਪਰ ਇਹ ਘਟਨਾ ਈਰਾਨ 'ਚ ਸੋਸ਼ਲ ਮੀਡੀਆ 'ਤੇ ਚਰਚਾ ਦਾ ਵਿਸ਼ਾ ਬਣੀ ਹੋਈ ਹੈ। ਇੱਥੇ ਦੱਸ ਦਈਏ ਕਿ ਕਰੀਹ ਇਕ ਸਾਲ ਪਹਿਲਾਂ ਵੀ ਹਿਜਾਬ ਨਾ ਪਹਿਨਣ ਕਾਰਨ ਪੁਲਸ ਦੁਆਰਾ ਕੁੱਟਮਾਰ ਤੋਂ ਬਾਅਦ ਮਹਿਸਾ ਅਮੀਨੀ ਦੀ ਮੌਤ ਹੋ ਗਈ ਸੀ। ਇਸ ਘਟਨਾ ਤੋਂ ਬਾਅਦ ਈਰਾਨ ਵਿਚ ਦੇਸ਼ ਵਿਆਪੀ ਵਿਰੋਧ ਪ੍ਰਦਰਸ਼ਨ ਵੀ ਹੋਏ ਸਨ, ਜਿਸ ਵਿੱਚ ਸੈਂਕੜੇ ਲੋਕ ਮਾਰੇ ਗਏ ਅਤੇ ਹਜ਼ਾਰਾਂ ਨੂੰ ਗ੍ਰਿਫਤਾਰ ਕੀਤਾ ਗਿਆ। ਈਰਾਨ ਦੇ ਲੋਕਾਂ ਨੂੰ ਪੂਰੀ ਦੁਨੀਆ ਤੋਂ ਸਮਰਥਨ ਮਿਲਿਆ ਸੀ।


















# ਜੈ ਇੰਦਰ ਕੌਰ ਨੇ ਭਾਜਪਾ ਪੰਜਾਬ ਮਹਿਲਾ ਮੋਰਚਾ ਦੀ ਪ੍ਰਧਾਨ ਦਾ ਅਹੁਦਾ ਸੰਭਾਲਣ ਤੋਂ ਬਾਅਦ ਪਹਿਲੀ ਮੀਟਿੰਗ ਦੀ ਕੀਤੀ ਪ੍ਰਧਾਨਗੀ

## -ਮੋਦੀ ਸਰਕਾਰ ਦੀਆਂ ਮਹਿਲਾ ਪੱਖੀ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਜ਼ਿਲਾ ਪ੍ਰਧਾਨਾਂ ਨੂੰ ਦਿੱਤੀਆਂ ਹਦਾਇਤਾਂ



ਚੰਡੀਗੜ੍ਹ, 4 ਅਕਤੂਬਰ (ਪੋਸਟ ਬਿਊਰੋ): ਭਾਜਪਾ ਪੰਜਾਬ ਮਹਿਲਾ ਮੋਰਚਾ ਦੀ ਪ੍ਰਧਾਨ ਜੈ ਇੰਦਰ ਕੌਰ ਨੇ ਅੱਜ ਚੰਡੀਗੜ੍ਹ ਵਿਖੇ ਭਾਜਪਾ ਪੰਜਾਬ ਹੈੱਡਕੁਆਰਟਰ ਵਿਖੇ ਆਪਣਾ ਅਹੁਦਾ ਸੰਭਾਲਣ ਤੋਂ ਬਾਅਦ ਭਾਜਪਾ ਪੰਜਾਬ ਮਹਿਲਾ ਮੋਰਚਾ ਇਕਾਈ ਦੀ ਪਹਿਲੀ ਮੀਟਿੰਗ ਦੀ ਪ੍ਰਧਾਨਗੀ ਕੀਤੀ।

ਮਹਿਲਾ ਮੋਰਚਾ ਦੇ ਸਮੂਹ ਜ਼ਿਲਾ ਪ੍ਰਧਾਨਾਂ ਅਤੇ ਅਹੁਦੇਦਾਰਾਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਜੈ ਇੰਦਰ ਕੌਰ ਨੇ ਕਿਹਾ ਕਿ ਸਭ ਤੋਂ ਪਹਿਲਾਂ ਮੈਂ ਭਾਜਪਾ ਹਾਈਕਮਾਂਡ, ਪੰਜਾਬ ਪ੍ਰਧਾਨ ਸੁਨੀਲ ਜਾਖੜ, ਪੰਜਾਬ ਇੰਚਾਰਜ ਵਿਜੈ ਰੁਪਾਨੀ, ਪੰਜਾਬ ਜਨਰਲ ਸਕੱਤਰ ਇੰਚਾਰਜ ਮੰਤਰੀ ਸ੍ਰੀਨਿਵਾਸਲੂ ਦਾ ਅਤੇ ਖਾਸ ਤੌਰ 'ਤੇ ਤੁਹਾਡੇ ਵਿਚੋਂ ਹਰੇਕ ਦਾ ਧੰਨਵਾਦ ਕਰਦੀ ਹਾਂ, ਜਿਨ੍ਹਾਂ ਨੇ ਮੈਨੂੰ ਇਸ ਅਹੁਦੇ ਰਾਹੀਂ ਪਾਰਟੀ ਅਤੇ ਪੰਜਾਬ ਦੇ ਲੋਕਾਂ ਦੀ ਸੇਵਾ ਕਰਨ ਦਾ ਮੌਕਾ ਦਿੱਤਾ।

ਉਨ੍ਹਾਂ ਅੱਗੇ ਕਿਹਾ ਕਿ ਮੈਂ ਤੁਹਾਨੂੰ ਸਾਰਿਆਂ ਨੂੰ ਭਰੋਸਾ ਦਿਵਾਉਂਦੀ ਹਾਂ ਕਿ ਅਸੀਂ ਸਾਰੇ ਪਾਰਟੀ ਅਤੇ ਮਹਿਲਾ ਮੋਰਚੇ ਨੂੰ ਨਵੀਆਂ ਬੁਲੰਦੀਆਂ 'ਤੇ ਲਿਜਾਣ ਲਈ ਮਿਲ ਕੇ ਕੰਮ ਕਰਾਂਗੇ। ਸਾਡੇ ਮਾਨਯੋਗ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜੀ ਦੀ ਅਗਵਾਈ ਵਾਲੀ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਨੇ ਦੇਸ ਵਿਚ ਸਾਡੇ ਸਮਾਜ ਵਿਚ ਔਰਤਾਂ ਦੇ ਵਿਕਾਸ ਅਤੇ ਸਸ਼ਕਤੀਕਰਨ ਲਈ ਕਈ ਵੱਡੇ ਕਦਮ ਚੁੱਕੇ ਹਨ, ਜਿਸ ਦੀ ਸਭ ਤੋਂ ਤਾਜ਼ਾ ਮਿਸਾਲ ਹੈ ਮਹਿਲਾ ਰਿਜ਼ਰਵੇਸ਼ਨ ਬਿੱਲ। ਹੁਣ ਸਾਡਾ ਫਰਜ਼ ਬਣਦਾ ਹੈ ਕਿ ਅਸੀਂ ਇਨ੍ਹਾਂ ਕੰਮਾਂ ਅਤੇ ਮੋਦੀ ਸਰਕਾਰ ਦੀਆਂ ਹੋਰ ਔਰਤਾਂ ਕੇਂਦਰਿਤ ਸਕੀਮਾਂ ਨੂੰ ਪੰਜਾਬ ਦੇ ਹਰ ਘਰ ਤੱਕ ਪਹੁੰਚਾਈਏ।

ਜੈ ਇੰਦਰ ਕੌਰ ਨੇ ਅੱਗੇ ਕਿਹਾ ਕਿ ਜੇਕਰ ਅਸੀਂ ਪੰਜਾਬ ਦੇ ਲੋਕਾਂ ਨੂੰ ਭਾਜਪਾ ਸਰਕਾਰ ਵਲੋਂ ਸਾਡੀ ਭਲਾਈ ਲਈ ਚੁੱਕੇ ਗਏ ਕਦਮਾਂ ਤੋਂ ਜਾਣੂ ਕਰਵਾ ਪਾਉਂਦੇ ਹਾਂ ਤਾਂ ਸਾਨੂੰ ਕਦੇ ਵੀ ਉਨ੍ਹਾਂ ਤੋਂ ਵੋਟਾਂ ਮੰਗਣ ਦੀ ਲੋੜ ਨਹੀਂ ਪਵੇਗੀ ਕਿਉਂਕਿ ਉਹ ਖੁਦ ਇਸ ਅਗਾਂਹਵਧੂ ਭਾਜਪਾ ਸਰਕਾਰ ਨੂੰ ਮੂਹਰੇ ਹੋਕੇ ਵੋਟਾਂ ਪਾਉਣਗੇ।

ਸੀਨੀਅਰ ਭਾਜਪਾ ਆਗੂ ਨੇ ਮਹਿਲਾ ਮੋਰਚਾ ਵਰਕਰਾਂ ਨੂੰ ਪਿੰਡਾਂ ਵਿਚ ਨਸ਼ਾ ਵਿਰੋਧੀ ਮੁਹਿੰਮ ਵਿਚ ਵੀ ਵੱਧ ਚੜ੍ਹ ਕੇ ਹਿੱਸਾ ਲੈਣ ਦੀ ਵੀ ਅਪੀਲ ਕੀਤੀ। ਜੈ ਇੰਦਰ ਕੌਰ ਦੇ ਨਾਲ ਮਹਿਲਾ ਮੋਰਚਾ ਦੀ ਸਾਬਕਾ ਪ੍ਰਧਾਨ ਮੀਨੂੰ ਸੇਠੀ ਅਤੇ ਸਮੂਹ ਪੰਜਾਬ ਇਕਾਈ ਮੌਜੂਦ ਸਨ।

# ਮੁੱਖ ਮੰਤਰੀ ਵਲੋਂ ਪੰਜਾਬ ਸਿਵਲ ਸਕੱਤਰੇਤ-1 ਵਿਖੇ ਸਿਫ਼ਤੀ ਦੇ ਘਰ ਸ੍ਰੀ ਹਰਿਮੰਦਰ ਸਾਹਿਬ ਦੀ ਵੱਡ-ਆਕਾਰੀ ਤਸਵੀਰ ਲੋਕਾਂ ਨੂੰ ਸਮਰਪਿਤ

## -ਵਿਸ਼ੇਸ਼ ਟਰਾਂਸਲਿਟ ਸ਼ੀਟ ’ਤੇ ਛਪੀ 29 ਫੁੱਟ ਲੰਬੀ ਅਤੇ 11 ਫੁੱਟ ਉੱਚੀ ਤਸਵੀਰ 150 ਤੋਂ ਵੱਧ ਐੱਲ.ਈ.ਡੀ. ਲਾਈਟਾਂ ਨਾਲ ਰੁਸ਼ਨਾਏਗੀ



ਚੰਡੀਗੜ੍ਹ, 4 ਅਕਤੂਬਰ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਨੂੰ ਪੰਜਾਬ ਸਿਵਲ ਸਕੱਤਰੇਤ-1 ਵਿਖੇ ਸਿਫ਼ਤੀ ਦੇ ਘਰ ਸ੍ਰੀ ਹਰਿਮੰਦਰ ਸਾਹਿਬ ਦੀ ਨਵੀਂ ਲੱਗੀ ਤਸਵੀਰ ਨੂੰ ਲੋਕਾਂ ਨੂੰ ਸਮਰਪਿਤ ਕੀਤਾ।

ਇੱਥੇ ਦਹਾਕਿਆਂ ਪਹਿਲਾਂ ਲੱਗੀ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ ਦੀ ਤਸਵੀਰ ਦੀ ਥਾਂ ਹੁਣ ਇਹ 29 ਫੁੱਟ ਲੰਬੀ ਤੇ 11 ਫੁੱਟ ਉੱਚੀ ਤਸਵੀਰ ਲਗਾਈ ਗਈ ਹੈ। ਸੂਚਨਾ ਅਤੇ ਲੋਕ ਸੰਪਰਕ ਵਿਭਾਗ ਨੇ ਸ੍ਰੀ ਹਰਿਮੰਦਰ ਸਾਹਿਬ ਦੀਆਂ ਕਈ ਤਸਵੀਰਾਂ ਮੁੱਖ ਮੰਤਰੀ ਨੂੰ ਦਿਖਾਈਆਂ ਸਨ, ਜਿਨ੍ਹਾਂ ਵਿਚੋਂ ਇਸ ਤਸਵੀਰ ਦੀ ਚੋਣ ਕੀਤੀ ਗਈ। ਇਹ ਤਸਵੀਰ ਵਿਸ਼ੇਸ਼ ਟਰਾਂਸਲਿਟ ਸ਼ੀਟ ’ਤੇ ਛਪੀ ਹੈ ਅਤੇ ਤਸਵੀਰ ਨੂੰ ਰੁਸ਼ਨਾਉਣ ਲਈ ਇਸ ਦੇ ਪਿੱਛੇ 150 ਐੱਲ.ਈ.ਡੀ. ਲਾਈਟਾਂ ਲਗਾਈਆਂ ਗਈਆਂ ਹਨ।

ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਸ੍ਰੀ ਹਰਿਮੰਦਰ ਸਾਹਿਬ ਪੰਜਾਬੀਆਂ ਖ਼ਾਸ ਤੌਰ ’ਤੇ ਸਿੱਖਾਂ ਲਈ ਦੁਨੀਆ ਦਾ ਸਭ ਤੋਂ ਪਵਿੱਤਰ ਸਥਾਨ ਹੈ ਅਤੇ ਇਹ ਸਥਾਨ ਸਮੁੱਚੀ ਮਾਨਵਤਾ ਲਈ ਪ੍ਰੇਰਨਾ ਦਾ ਸਰੋਤ ਹੈ। ਉਨ੍ਹਾਂ ਕਿਹਾ ਕਿ ਇਹ ਪਾਵਨ ਸਥਾਨ ਸਾਨੂੰ ਹਮੇਸ਼ਾ ਤੋਂ ਆਪਣੇ ਫ਼ਰਜ਼ ਪੂਰੇ ਸਮਰਪਣ ਅਤੇ ਦਿਆਨਤਦਾਰੀ ਨਾਲ ਨਿਭਾਉਣ ਲਈ ਪ੍ਰੇਰਿਤ ਕਰਦਾ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਅੱਜ ਇੱਥੇ ਸਿਰਫ਼ ਤਸਵੀਰ ਨੂੰ ਲੋਕਾਂ ਨੂੰ ਸਮਰਪਿਤ ਕਰਨ ਲਈ ਨਹੀਂ ਆਏ, ਸਗੋਂ ਪਰਮਾਤਮਾ ਦਾ ਸ਼ੁਕਰਾਨਾ ਅਦਾ ਕਰਨ ਆਏ ਹਨ, ਜੋ ਸਾਨੂੰ ਸੂਬੇ ਦੀ ਸੇਵਾ ਕਰਨ ਦਾ ਬਲ ਬਖ਼ਸ਼ ਰਿਹਾ ਹੈ।

ਇਸ ਮੌਕੇ ਮੁੱਖ ਸਕੱਤਰ ਅਨੁਰਾਗ ਵਰਮਾ, ਸਕੱਤਰ ਸੂਚਨਾ ਤੇ ਲੋਕ ਸੰਪਰਕ ਵਿਭਾਗ ਮਾਲਵਿੰਦਰ ਸਿੰਘ ਜੱਗੀ, ਡਾਇਰੈਕਟਰ ਸੂਚਨਾ ਤੇ ਲੋਕ ਸੰਪਰਕ ਵਿਭਾਗ ਭੁਪਿੰਦਰ ਸਿੰਘ, ਵਧੀਕ ਡਾਇਰੈਕਟਰ ਸੂਚਨਾ ਤੇ ਲੋਕ ਸੰਪਰਕ ਵਿਭਾਗ ਸੰਦੀਪ ਸਿੰਘ ਅਤੇ ਹੋਰ ਅਧਿਕਾਰੀ ਅਤੇ ਮੁਲਾਜ਼ਮ ਹਾਜ਼ਿਰ ਸਨ।

# ਪੰਜਾਬ ਕੋਈ ਵੀ ਸਰਵੇਖਣ ਨਹੀਂ ਕਰ ਸਕਦਾ ਕਿਉਂਕਿ ਸਾਡੇ ਕੋਲ ਕਿਸੇ ਨੂੰ ਵੀ ਦੇਣ ਲਈ ਕੋਈ ਪਾਣੀ ਨਹੀਂ ਹੈ : ਰਾਜਾ ਵੜਿੰਗ

ਚੰਡੀਗੜ੍ਹ, 4 ਅਕਤੂਬਰ (ਪੋਸਟ ਬਿਊਰੋ): ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਅੱਜ ਸੁਪਰੀਮ ਕੋਰਟ ਵੱਲੋਂ ਐੱਸ.ਵਾਈ.ਐੱਲ ਨਹਿਰ ਦੀ ਉਸਾਰੀ ਲਈ ਜ਼ਮੀਨ ਦਾ ਪੰਜਾਬ ਵਿੱਚ ਸਰਵੇਖਣ ਕਰਨ ਦੇ ਹੁਕਮਾਂ ’ਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਪੰਜਾਬ ਕੋਲ ਕਿਸੇ ਨੂੰ ਦੇਣ ਲਈ ਵਾਧੂ ਪਾਣੀ ਨਹੀਂ ਹੈ, ਇਸ ਲਈ ਸਰਵੇਖਣ ਕਰਵਾਉਣ ਦਾ ਸਵਾਲ ਹੀ ਪੈਦਾ ਨਹੀਂ ਹੁੰਦਾ।

ਇੱਥੇ ਜਾਰੀ ਇੱਕ ਬਿਆਨ ਵਿੱਚ ਪ੍ਰਦੇਸ਼ ਕਾਂਗਰਸ ਪ੍ਰਧਾਨ ਨੇ ਕਿਹਾ, “ਅਸੀਂ ਭਾਰਤ ਦੀ ਮਾਨਯੋਗ ਸੁਪਰੀਮ ਕੋਰਟ ਦਾ ਆਦਰ ਕਰਦੇ ਹਾਂ ਅਤੇ ਉਸ ਦਾ ਸਨਮਾਨ ਕਰਦੇ ਹਾਂ, ਅਸੀਂ ਕੇਂਦਰ ਸਰਕਾਰ ਨੂੰ ਸਤਲੁਜ-ਯਮੁਨਾ ਦੇ ਨਿਰਮਾਣ ਲਈ ਜ਼ਮੀਨ ਦਾ ਸਰਵੇਖਣ ਕਰਨ ਦੇ ਹੁਕਮ ਦੇਣ ਦੇ ਅੱਜ ਦੇ ਹੁਕਮਾਂ ਦਾ ਸਖ਼ਤ ਵਿਰੋਧ ਕਰਦੇ ਹਾਂ। ਪੰਜ ਦਰਿਆਵਾਂ ਦੀ ਧਰਤੀ ਪੰਜਾਬ ਦਾ ਪਾਣੀ ਬੁਰੀ ਤਰ੍ਹਾਂ ਖਤਮ ਹੋ ਚੁੱਕਾ ਹੈ ਅਤੇ ਸਾਡਾ ਧਰਤੀ ਹੇਠਲਾ ਪਾਣੀ ਵੀ ਖਤਮ ਹੋਣ ਕਿਨਾਰੇ ਹੈ, ਇਸ ਲਈ ਸਾਡਾ ਪਾਣੀ ਕਿਸੇ ਸੂਬੇ ਨੂੰ ਦੇਣ ਦਾ ਸਵਾਲ ਹੀ ਪੈਦਾ ਨਹੀਂ ਹੁੰਦਾ। ਆਮ ਆਦਮੀ ਪਾਰਟੀ 'ਤੇ ਪੰਜਾਬ ਦੇ ਮਾਮਲੇ ਨੂੰ ਕਮਜ਼ੋਰ ਕਰਨ ਦਾ ਦੋਸ਼ ਲਗਾਉਂਦੇ ਹੋਏ ਰਾਜਾ ਵੜਿੰਗ ਨੇ ਕਿਹਾ, 'ਆਮ ਆਦਮੀ ਪਾਰਟੀ ਦਾ ਸ਼ੁਰੂ ਤੋਂ ਹੀ ਇਸ ਮਾਮਲੇ 'ਚ ਨਿੱਜੀ ਹਿੱਤ ਰਿਹਾ ਹੈ, ਉਹਨਾਂ ਦੇ ਰਾਜ ਸਭਾ ਮੈਂਬਰ ਸੁਸ਼ੀਲ ਗੁਪਤਾ ਨੇ ਬਿਆਨ ਦਿੱਤਾ ਸੀ ਕਿ ਪੰਜਾਬ 'ਚ ਸਾਡੀ ਸਰਕਾਰ ਬਣ ਗਈ ਹੈ, ਹੁਣ ਅਸੀਂ ਬਣਾਵਾਂਗੇ ਅਤੇ ਹਰਿਆਣਾ ਦੇ ਹਰ ਖੇਤ ਤੱਕ ਪਾਣੀ ਪਹੁੰਚਾਵਾਂਗੇ। ਇੰਨਾ ਹੀ ਨਹੀਂ ਉਨ੍ਹਾਂ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਨੇ ਹਰਿਆਣਾ 'ਚ ਚੋਣ ਪ੍ਰਚਾਰ ਦੌਰਾਨ ਇਹੀ ਬਿਆਨ ਦਿੱਤੇ ਸਨ।

ਉਨ੍ਹਾਂ ਅੱਗੇ ਕਿਹਾ, “ਇਹ ਗੱਲ ਸ਼ੁਰੂ ਤੋਂ ਹੀ ਸਪੱਸ਼ਟ ਹੋ ਚੁੱਕੀ ਹੈ ਕਿ ਆਮ ਆਦਮੀ ਪਾਰਟੀ ਇਸ ਮੁੱਦੇ ਰਾਹੀਂ ਉੱਤਰੀ ਭਾਰਤ ਵਿੱਚ ਪੈਰ ਜਮਾਉਣ ਦੀ ਯੋਜਨਾ ਬਣਾ ਰਹੀ ਹੈ ਅਤੇ ਇਸੇ ਲਈ ਆਮ ਆਦਮੀ ਪਾਰਟੀ ਪੰਜਾਬ ਸਰਕਾਰ ਸਾਹਮਣੇ ਇੱਕ ਕਮਜ਼ੋਰ ਮਾਮਲਾ ਪੇਸ਼ ਕਰਕੇ ਪੰਜਾਬ ਦੇ ਲੋਕਾਂ ਨੂੰ ਮੂਰਖ ਬਣਾ ਰਹੀ ਹੈ।

ਗਿੱਦੜਬਾਹਾ ਦੇ ਵਿਧਾਇਕ ਨੇ ਅੱਗੇ ਚੇਤਾਵਨੀ ਦਿੰਦਿਆਂ ਕਿਹਾ ਕਿ ਇਹ ਸਿਰਫ਼ ਇੱਕ ਨਹਿਰ ਦੀ ਉਸਾਰੀ ਦਾ ਮਸਲਾ ਨਹੀਂ ਹੈ, ਇਸ ਮੁੱਦੇ ਨਾਲ ਪੰਜਾਬੀਆਂ ਦੀਆਂ ਬਹੁਤ ਸਾਰੀਆਂ ਭਾਵਨਾਵਾਂ ਜੁੜੀਆਂ ਹੋਈਆਂ ਹਨ, ਜਿਸ ਕਾਰਨ ਪਹਿਲਾਂ ਵੀ ਪੰਜਾਬ ਵਿੱਚ ਝਗੜਾ ਹੋਇਆ ਸੀ ਅਤੇ ਹਾਲਾਤ ਵਿਗੜ ਗਏ ਸਨ। ਐੱਸ.ਵਾਈ.ਐੱਲ ਦੇ ਇਸ ਮੁੱਦੇ ਕਾਰਨ ਪੰਜਾਬ ਨੂੰ ਕਾਲੇ ਦੌਰ ਦਾ ਸਾਹਮਣਾ ਕਰਨਾ ਪਿਆ ਸੀ ਅਤੇ ਮੈਂ ਆਮ ਆਦਮੀ ਪਾਰਟੀ ਅਤੇ ਇਸ ਵਿੱਚ ਸ਼ਾਮਲ ਹੋਰ ਸਾਰੇ ਖਿਡਾਰੀਆਂ ਨੂੰ ਪੰਜਾਬ ਦੀਆਂ ਭਾਵਨਾਵਾਂ ਨਾਲ ਨਾ ਖੇਡਣ ਦੀ ਚੇਤਾਵਨੀ ਦਿੰਦਾ ਹਾਂ, ਕਿਉਂਕਿ ਇਸ ਮੁੱਦੇ ਦਾ ਵਧਣਾ ਪੰਜਾਬ ਨੂੰ ਅਤੀਤ ਦੇ ਕਾਲੇ ਦਿਨਾਂ ਵਿੱਚ ਵਾਪਸ ਲੈ ਜਾ ਸਕਦਾ ਹੈ।"

ਸਰਵੇ ਦੇ ਹੁਕਮਾਂ 'ਤੇ ਟਿੱਪਣੀ ਕਰਦਿਆਂ ਵੜਿੰਗ ਨੇ ਕਿਹਾ, "ਹਰਿਆਣਾ ਸਰਕਾਰ ਨੇ ਸਰਵੇਖਣ ਕੀਤਾ ਹੈ ਅਤੇ ਉਸਾਰੀ ਦਾ ਆਪਣਾ ਪੱਖ ਪੂਰਾ ਕਰ ਲਿਆ ਹੈ ਕਿਉਂਕਿ ਉਨ੍ਹਾਂ ਨੂੰ ਪਾਣੀ ਦੀ ਲੋੜ ਹੈ, ਪਰ ਸਾਡੇ ਕੋਲ ਬਚਣ ਲਈ ਪਾਣੀ ਨਹੀਂ ਹੈ, ਇਸ ਲਈ ਪੰਜਾਬ ਵਿੱਚ ਸਰਵੇਖਣ ਕਰਨ ਦਾ ਸਵਾਲ ਹੀ ਪੈਦਾ ਨਹੀਂ ਹੋਣਾ ਚਾਹੀਦਾ।"

# ਮੀਡੀਏਸ਼ਨ ਰਾਹੀਂ ਧਿਰਾਂ ਦੇ 4 ਕੇਸਾਂ ਦਾ ਏਕਤਾ ਉੱਪਲ, ਸੀ.ਜੇ.ਐੱਮ-ਸਕੱਤਰ ਵੱਲੋਂ ਕੀਤਾ ਨਿਪਟਾਰਾ

ਫਿਰੋਜ਼ਪੁਰ, 4 ਅਕਤੂਬਰ (ਗਿਆਨ ਸਿੰਘ): ਮੀਡੀਏਸ਼ਨ ਸੈਂਟਰ, ਫਿਰੋਜ਼ਪੁਰ ਵਿੱਚ ਇੱਕ ਫੌਜਦਾਰੀ ਕੇਸ ਦਾ ਪਰਚਾ ਧਾਰਾ 406/498-ਏ ਦਾ ਕੇਸ ਅਦਾਲਤ ਮਿਸ ਅਵਨੀਤ ਕੌਰ, ਜੁਡੀਸ਼ੀਅਲ ਮੈਜਿਸਟ੍ਰੇਟ ਫਸਟ ਕਲਾਸ, ਫਿਰੋਜ਼ਪੁਰ ਵੱਲੋਂ ਧਿਰਾਂ ਦਾ ਰਾਜੀਨਾਮਾ ਕਰਵਾਉਣ ਲਈ ਭੇਜਿਆ ਗਿਆ। ਮੀਡੀਏਸ਼ਨ ਦੌਰਾਨ ਇਹ ਪਤਾ ਲੱਗਾ ਕਿ ਉਕਤ ਧਿਰਾਂ ਦੇ ਤਿੰਨ ਹੋਰ ਕੇਸ ਸਬ ਤਹਿਸੀਲ ਗੁਰੂਹਰਸਹਾਏ ਦੀਆਂ ਵੱਖ-ਵੱਖ ਅਦਾਲਤਾਂ ਵਿਚ ਲੰਬਿਤ ਹਨ। ਜੱਜ ਸਾਹਿਬ ਵੱਲੋਂ ਉਕਤ 03 ਕੇਸਾਂ ਨੂੰ ਵੀ ਮੀਡੀਏਸ਼ਨ ਸੈਂਟਰ ਵਿਚ ਮੰਗਵਾਇਆ ਗਿਆ ਅਤੇ ਪਾਰਟੀਆਂ/ਧਿਰਾਂ ਦਾ ਰਾਜੀਨਾਮਾ ਕਰਵਾ ਕੇ 04 ਕੇਸਾਂ ਵਿਚ



ਕਰਵਾ ਕੇ ਉਹਨਾਂ ਦਾ ਘਰ ਵਸਾਇਆ ਗਿਆ। ਇਸ ਦੇ ਨਾਲ ਹੀ ਜੱਜ ਸਾਹਿਬ ਵੱਲੋਂ ਆਮ ਜਨਤਾ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪਣੇ ਵਿਆਹਿਕ ਪ੍ਰੀ ਲਿਟੀਗੇਟਿਵ ਕੇਸਾਂ ਨੂੰ ਮੀਡੀਏਸ਼ਨ ਦੇ ਮਾਧਿਅਮ ਰਾਹੀਂ ਸੁਲਝਾ ਸਕਦੇ ਹਨ ਜਿਸ ਵਿਚ ਕਿਸੇ ਵੀ ਤਰ੍ਹਾਂ ਦੀ ਕੋਈ ਫੀਸ ਨਹੀਂ ਲੱਗਦੀ ਅਤੇ ਦੋਵੇਂ ਧਿਰਾਂ ਨੂੰ ਆਪਸ ਵਿਚ ਬਿਠਾ ਕੇ ਰਾਜੀਨਾਮਾ ਕਰਵਾਇਆ ਜਾਂਦਾ ਹੈ।


REXDALE BODY SHOP
USED CAR SALE



CHEEMA
LOWEST PRICE IN TOWN

Specialization In:
* All Kinds of Body Work
* Auto Glass Windshield
* Denting, Painting & Welding

SPECIAL PAINT JOB $779



RENTAL CAR PROVIDED
25 years of Canadian Experience
OPEN MON - SAT 9AM TO 7PM
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
Call Rick or Manminder Cheema: 416.749.9596 / 416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com



CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO · HOME · TRUCK · BUSINESS · LIFE · MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094

Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



CAPITAL DRUG TESTING
Capital DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse, DOT Supervisor Training, SAP Classes Etc.




Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com



Office: 416-654-1010
Sutton
Sutton Group Security Real Estate Brokerage
2700 Dufferin St #47, Toronto ON M6B4J3



"For all your real estate needs"
Anabela Serra
Sales Representative
416-400-5825
anabelserra75@gmail.com




98 JOHN ST E
Bradford West Gwillimbury, Ontario L3Z1G4
$1,149,000
A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters

97 JOHN ST E
Bradford West Gwillimbury, Ontario L3Z2B5




$1,089,000
A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.

103 JOHN ST W
Bradford West Gwillimbury, Ontario L3Z2A8



$799,000
**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0



$799,000
Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8



$499,000
Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.

# 11ਵੀਂ ਨੈਸ਼ਨਲ ਗੱਤਕਾ ਚੈਂਪੀਅਨਸ਼ਿਪ ਦੀਆਂ ਦਿੱਲੀ 'ਚ ਤਿਆਰੀਆਂ ਜ਼ੋਰਾਂ ’ਤੇ, 11 ਅਤੇ 12 ਅਕਤੂਬਰ ਨੂੰ ਤਾਲਕਟੋਰਾ ਸਟੇਡੀਅਮ ਵਿਚ ਹੋਣਗੇ ਮੁਕਾਬਲੇ



ਚੰਡੀਗੜ੍ਹ, 4 ਅਕਤੂਬਰ (ਪੋਸਟ ਬਿਊਰੋ): ਦੇਸ਼ ਦੀ ਸਭ ਤੋਂ ਪੁਰਾਣੀ ਰਜਿਸਟਰਡ ਕੌਮੀ ਗੱਤਕਾ ਸੰਸਥਾ 'ਨੈਸ਼ਨਲ ਗੱਤਕਾ ਐਸੋਸੀਏਸ਼ਨ ਆਫ ਇੰਡੀਆ' ਵੱਲੋਂ ਗੱਤਕਾ ਐਸੋਸੀਏਸ਼ਨ ਦਿੱਲੀ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਦਿੱਲੀ ਦੇ ਤਾਲਕਟੋਰਾ ਸਟੇਡੀਅਮ ਵਿਖੇ ਕਰਵਾਈ ਜਾ ਰਹੀ 11ਵੀਂ ਨੈਸ਼ਨਲ ਗੱਤਕਾ ਚੈਂਪੀਅਨਸ਼ਿਪ ਦੀਆਂ ਤਿਆਰੀਆਂ ਜ਼ੋਰਾਂ ਤੇ ਹਨ। ਅੱਜ ਇੱਥੇ ਇਸ ਸਬੰਧੀ ਇੱਕ ਮੀਟਿੰਗ ਨੈਸ਼ਨਲ ਗੱਤਕਾ ਐਸੋਸੀਏਸ਼ਨ ਦੇ ਪ੍ਰਧਾਨ ਹਰਜੀਤ ਸਿੰਘ ਗਰੇਵਾਲ ਦੀ ਅਗਵਾਈ ਹੇਠ ਹੋਈ ਜਿਸ ਵਿੱਚ ਗੱਤਕਾ ਐਸੋਸੀਏਸ਼ਨ ਦਿੱਲੀ ਦੇ ਚੇਅਰਮੈਨ ਅਤੇ ਮੈਂਬਰ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਰਬਜੀਤ ਸਿੰਘ ਵਿਰਕ, ਪ੍ਰਧਾਨ ਗੁਰਮੀਤ ਸਿੰਘ ਰਾਣਾ, ਜਨਰਲ ਸਕੱਤਰ ਜੀਤਇੰਦਰਪਾਲ ਸਿੰਘ, ਸੰਯੁਕਤ ਸਕੱਤਰ ਮੇਜਰ ਸਿੰਘ ਅਤੇ ਨੈਸ਼ਨਲ ਗੱਤਕਾ ਐਸੋਸੀਏਸ਼ਨ ਦੇ ਕੋਚਿੰਗ ਡਾਇਰੈਕਟੋਰੇਟ ਵੱਲੋਂ ਡਾਇਰੈਕਟਰ ਜੋਗਿੰਦਰ ਸਿੰਘ ਬੁੱਧ ਵਿਹਾਰ ਸ਼ਾਮਿਲ ਹੋਏ।

ਇਸ ਮੀਟਿੰਗ ਦੌਰਾਨ ਤਾਲਕਟੋਰਾ ਸਟੇਡੀਅਮ ਵਿੱਚ ਹੋਣ ਵਾਲੇ ਨੈਸ਼ਨਲ ਟੂਰਨਾਮੈਂਟ ਦੀਆਂ ਤਿਆਰੀਆਂ ਸਬੰਧੀ ਲੇਖਾ-ਜੋਖਾ ਕੀਤਾ ਗਿਆ ਅਤੇ ਵੱਖ-ਵੱਖ ਬਣਾਈਆਂ ਗਈਆਂ ਕਮੇਟੀਆਂ ਦੇ ਮੈਂਬਰਾਂ ਨੂੰ ਉਹਨਾਂ ਦੀਆਂ ਡਿਊਟੀਆਂ ਸਬੰਧੀ ਗਿਆਤ ਕੀਤਾ ਗਿਆ। ਉਹਨਾਂ ਦੱਸਿਆ ਕਿ ਇਸ ਦੋ ਰੋਜ਼ਾ ਨੈਸ਼ਨਲ ਚੈਂਪੀਅਨਸ਼ਿਪ ਵਿੱਚ ਘੱਟੋ ਘੱਟ 18 ਰਾਜਾਂ ਤੋਂ ਲੜਕੇ ਅਤੇ ਲੜਕੀਆਂ ਦੀਆਂ ਵੱਖ-ਵੱਖ ਉਮਰ ਵਰਗ ਦੀਆਂ ਟੀਮਾਂ ਭਾਗ ਲੈਣਗੀਆਂ। ਉਹਨਾਂ ਦੱਸਿਆ ਕਿ ਲੜਕੇ ਅਤੇ ਲੜਕੀਆਂ ਦੀ ਰਿਹਾਇਸ਼ ਦਾ ਵੱਖੋ ਵੱਖਰਾ ਪ੍ਰਬੰਧ ਹੋਵੇਗਾ ਅਤੇ ਲੰਗਰ ਦਾ ਖੁੱਲ੍ਹਾ ਪ੍ਰਬੰਧ ਕੀਤਾ ਗਿਆ ਹੈ। ਰੈਫਰੀਆਂ ਅਤੇ ਜੱਜਮੈਂਟ ਟੀਮਾਂ ਦੇ ਰਹਿਣ ਲਈ ਵੱਖਰਾ ਪ੍ਰਬੰਧ ਹੋਵੇਗਾ।

ਉਹਨਾਂ ਸਮੂਹ ਰਾਜਾਂ ਦੇ ਗੱਤਕਾ ਖਿਡਾਰੀਆਂ ਅਤੇ ਖਿਡਾਰਨਾਂ ਨੂੰ ਆਖਿਆ ਕਿ ਉਹ ਆਪੋ-ਆਪਣੇ ਰਾਜਾਂ ਦੀ ਪ੍ਰਵਾਨਤ ਖੇਡ ਕਿੱਟ ਵਿੱਚ ਹੀ ਸ਼ਾਮਿਲ ਹੋਣ।

# ਆਸਾਮ ਦੀ ਜੇਲ੍ਹ ’ਚ ਨਜ਼ਰਬੰਦ ਸਿੱਖਾਂ ਦੇ ਪਰਿਵਾਰਾਂ ਅਤੇ ਵਕੀਲਾਂ ਨੂੰ ਮੁਲਾਕਾਤ ਤੋਂ ਰੋਕਣਾ ਮੰਦਭਾਗਾ : ਐਡਵੋਕੇਟ ਧਾਮੀ

ਅੰਮ੍ਰਿਤਸਰ, 4 ਅਕਤੂਬਰ (ਗਿਆਨ ਸਿੰਘ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਆਸਾਮ ਦੀ ਡਿਬਰੂਗੜ੍ਹ ਜੇਲ੍ਹ ਵਿਚ ਨਜ਼ਰਬੰਦ ਭਾਈ ਅੰਮ੍ਰਿਤਪਾਲ ਸਿੰਘ ਅਤੇ ਹੋਰ ਸਿੱਖਾਂ ਦੇ ਪਰਿਵਾਰਕ ਮੈਂਬਰਾਂ ਅਤੇ ਵਕੀਲਾਂ ਨੂੰ ਮੁਲਾਕਾਤ ਦੀ ਇਜਾਜ਼ਤ ਨਾ ਦੇਣ ’ਤੇ ਇਤਰਾਜ਼ ਪ੍ਰਗਟ ਕੀਤਾ ਹੈ। ਦਫ਼ਤਰ ਸ਼੍ਰੋਮਣੀ ਕਮੇਟੀ ਤੋਂ ਜਾਰੀ ਇਕ ਬਿਆਨ ਵਿਚ ਐਡਵੋਕੇਟ ਧਾਮੀ ਨੇ ਕਿਹਾ ਕਿ ਡਿਬਰੂਗੜ੍ਹ ਜੇਲ੍ਹ ’ਚ ਕੈਦ ਸਿੱਖਾਂ ਦੇ ਪਰਿਵਾਰਾਂ ਨੂੰ ਮਿਲਣ ਤੋਂ ਰੋਕਣਾ ਮਨੁੱਖੀ ਅਧਿਕਾਰਾਂ ਦਾ ਉਲੰਘਣ ਹੈ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਵੱਲੋਂ ਮੁਲਾਕਾਤ ਲਈ ਲੋੜੀਂਦੀ ਆਗਿਆ ਨਾ ਦੇ ਕੇ ਠੀਕ ਨਹੀਂ ਕੀਤਾ ਜਾ ਰਿਹਾ। ਮਨੁੱਖੀ ਅਧਿਕਾਰਾਂ ਤਹਿਤ ਹਰ ਕੈਦੀ ਨਾਲ ਉਸ ਦੇ ਪਰਿਵਾਰਕ ਮੈਂਬਰਾਂ ਅਤੇ ਕੇਸ ਦੀ ਪੈਰਵਾਈ ਕਰਨ ਵਾਲੇ ਵਕੀਲਾਂ ਦੀ ਮੁਲਾਕਾਤ ਦਾ ਹੱਕ ਦਬਾਇਆ ਨਹੀਂ ਜਾ ਸਕਦਾ। ਐਡਵੋਕੇਟ ਧਾਮੀ ਨੇ ਕਿਹਾ ਕਿ ਦੁੱਖ ਦੀ ਗੱਲ ਹੈ ਕਿ ਡਿਬਰੂਗੜ੍ਹ ਜੇਲ੍ਹ ਵਿਚ ਬੰਦ ਸਿੱਖਾਂ ਨੂੰ ਇਨਸਾਫ ਲੈਣ ਲਈ ਭੁੱਖ ਹੜਤਾਲ ਕਰਨੀ ਪੈ ਰਹੀ ਹੈ।



ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਪੰਜਾਬ ਦੇ ਮੁੱਖ ਮੰਤਰੀ ਨੂੰ ਇਸ ਮਾਮਲੇ ’ਤੇ ਸੰਜੀਦਗੀ ਨਾਲ ਗੌਰ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਇਸ ਮਾਮਲੇ ’ਤੇ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਨੂੰ ਤੁਰੰਤ ਹਦਾਇਤ ਜਾਰੀ ਕਰੇ ਅਤੇ ਆਸਾਮ ਦੀ ਜੇਲ੍ਹ ’ਚ ਨਜ਼ਰਬੰਦ ਸਿੱਖਾਂ ਦੇ ਪਰਿਵਾਰਾਂ ਅਤੇ ਵਕੀਲਾਂ ਨੂੰ ਲੋੜੀਂਦੀ ਇਜਾਜ਼ਤ ਦੇਵੇ। ਉਨ੍ਹਾਂ ਜੇਲ੍ਹ ’ਚ ਬੰਦ ਸਿੱਖਾਂ ਨੂੰ ਸਿਹਤ ਸਹੂਲਤਾਂ ਯਕੀਨੀ ਬਣਾਉਣ ਲਈ ਵੀ ਪੰਜਾਬ ਸਰਕਾਰ ਨੂੰ ਆਖਿਆ। ਐਡਵੋਕੇਟ ਧਾਮੀ ਨੇ ਕਿਹਾ ਕਿ ਇਸ ਮਾਮਲੇ ਵਿਚ ਸ਼੍ਰੋਮਣੀ ਕਮੇਟੀ ਤਰਫੋਂ ਪਹਿਲਾਂ ਤੋਂ ਹੀ ਕਾਨੂੰਨੀ ਸਹਿਯੋਗ ਦੇ ਰਹੇ ਐਡਵੋਕੇਟ ਭਗਵੰਤ ਸਿੰਘ ਸਿਆਲਕਾ ਨੂੰ ਲੋੜੀਂਦੀ ਕਾਰਵਾਈ ਲਈ ਕਿਹਾ ਗਿਆ ਹੈ, ਜੋ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਨੂੰ ਮਿਲਣਗੇ।

# ਅਸਲਾ ਲਾਈਸੈਂਸ ਰੀਨਿਊ ਨਾ ਕਰਵਾਉਣ ਵਾਲਿਆਂ ਦੇ ਲਾਇਸੰਸ ਹੋਣਗੇ ਰੱਦ : ਵਧੀਕ ਡਿਪਟੀ ਕਮਿਸ਼ਨਰ

ਫਰੀਦਕੋਟ, 4 ਅਕਤੂਬਰ (ਗਿਆਨ ਸਿੰਘ): ਵਧੀਕ ਜ਼ਿਲ੍ਹਾ ਮੈਜਿਸਟਰੇਟ ਡਾ. ਨਿਰਮਲ ਓਸਪਚਨ ਨੇ ਜਿਲ੍ਹੇ ਦੇ ਸਮੂਹ ਅਸਲਾ ਲਾਇਸੰਸੀਆਂ ਨੂੰ ਹਦਾਇਤ ਕੀਤੀ ਕਿ ਜਿਨ੍ਹਾਂ ਅਸਲਾ ਧਾਰਕਾਂ ਵੱਲੋਂ ਆਪਣੇ ਲਾਇੰਸਸ ਦੀ ਮਿਆਦ ਖਤਮ ਹੋਣ ਤੋਂ ਬਾਅਦ ਲਾਇੰਸਸ ਨਵੀਨ ਨਹੀਂ ਕਰਵਾਏ ਗਏ ਹਨ ਉਹ ਆਪਣਾ ਅਸਲਾ ਲਾਇੰਸਸ ਰੀਨਿਊ ਕਰਵਾਉਣ ਸਬੰਧੀ 01 ਮਹੀਨੇ ਦੇ ਅੰਦਰ ਅੰਦਰ ਅਪਲਾਈ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਜੇਕਰ ਕੋਈ ਅਸਲਾ ਲਾਇਸੰਸੀ ਵੱਲੋਂ ਨਿਰਧਾਰਤ ਸਮੇਂ ਵਿੱਚ ਆਪਣਾ ਲਾਇੰਸਸ ਨਵੀਨ ਨਹੀਂ ਕਰਵਾਇਆ ਜਾਂਦਾ ਤਾਂ ਉਹ ਅਸਲਾ ਲਾਇੰਸਸੀ ਖੁਦ ਜਿੰਮੇਵਾਰ ਹੋਣਗੇ ਅਤੇ ਨਿਯਮਾਂ ਅਨੁਸਾਰ ਉਸਦਾ ਅਸਲਾ ਲਾਇੰਸਸ ਕੈਂਸਲ ਕਰਨ ਸਬੰਧੀ ਅਗਲੇਰੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।




ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 32-year-old son. Doing business in Ontario and Winnipeg. Canadian citizen, Height: 5"10', Active in Real Estate and Financing Business. Call: 204-510-7658 or 437-881-7282

Sikh Tonk kashtriya Boy Feb/1993 Born, height 5.11”, B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ ’ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ ’ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5’11” ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4’’ tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090,
ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4”, ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ ’ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5’-3’’, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐੱਸਸੀ, ਐੱਮਐੱਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2’’ ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ ’ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com












# ਕੈਨੇਡਾ-ਭਾਰਤ ਦੀਆਂ ਸਰਕਾਰਾਂ ਦੀ ਕਸ਼ਮਕੱਸ, ਨਿਸਾਨੇ ’ਤੇ ਪੰਜਾਬ



-ਗਿਆਨ ਸਿੰਘ-

ਲ਼ੋਕ ਸਭਾ ਚੋਣਾਂ-2024 ਜਿਵੇ ਜਿਵੇ ਨੇੜੇ ਆ ਰਹੀਆਂ ਹਨ, ਪੰਜਾਬ ਦੀ ਰਾਜਨੀਤਕ ਸਥਿਤੀ ਵਿਚ ਵੀ ਦਿਨੋ ਦਿਨ ਉਤਰਾ ਚੜ੍ਹਾ ਆ ਰਿਹਾ ਹੈ। ਕਿਸੇ ਵੀ ਸਿਆਂਸੀ ਪਾਰਟੀ ਦਾ ਆਗੂ ਆਪਣੀ ਪਾਰਟੀ ਦੇ ਵਰਕਰਾਂ ਉਪਰ ਪੂਰਨ ਰੂਪ ਵਿਚ ਵਿਸ਼ਵਾਸ ਨਹੀ ਕਰ ਸਕਦਾ।ਸਾਰੀਆਂ ਸਿਆਸੀ ਪਾਰਟੀਆਂ ਅੰਦਰੂਨੀ ਫੁੱਟ ਦਾ ਕਰ ਰਹੀਆਂ ਸਾਹ-ਮਣਾ ਕਰ ਰਹੀਆਂ ਹਨ।ਪਹਿਲਾਂ ਪਾਰਟੀਆਂ ਦੇ ਵਰਕਰ ਵਫਾਦਾਰੀਆਂ ਨਿਭਾਉਦੇ ਸਨ ਅਤੇ ਆਪਣੀ ਆਪਣੀ ਪਾਰਟੀ ਪ੍ਰਤੀ ਸਮਰਪਤ ਦੀ ਭਾਵਨਾ ਨਾਲ ਕੰਮ ਕਰਦੇ ਸਨ। ਜਮਾਨੇ ਦੇ ਨਾਲ ਨਾਲ ਪਾਰਟੀਆਂ ਦੇ ਵਰਕਰਾਂ ਨੇ ਵੀ ਆਪਣੇ ਆਗੂਆਂ ਦੇ ਪੱਦਚਿੰਨਾਂ ਤੇ ਚਲਣਾ ਸੁਰੂ ਕਰ ਦਿੱਤਾ ਹੈ।ਸਿਆਸੀ ਪਾਰਟੀ ਆਗੂਆਂ ਅਤੇ ਵਰਕਰਾਂ ਵਿਚ ਲਾਹਾ ਲੈਣ ਦੀ ਨੀਤੀ ਭਾਰੂ ਹੋ ਰਹੀ ਹੈ। ਇਸ ਵੇਲੇ ਸਥਿਤੀ ਇਹ ਬਣੀ ਹੋਈ ਹੈ ਕੋਈ ਵੀ ਪਾਰਟੀ ਦਮਗਜਾ ਮਾਰਕੇ ਨਹੀ ਕਹਿ ਸਕਦੀ ਕਿ ਉਸਦੇ ਵਰਕਰ ਚਟਾਨ ਵਾਂਗ ਖੜ੍ਹੇ ਹਨ।ਸਿਆਸੀ ਪਾਰਟੀਆਂ ਪ੍ਰਤੀ ਵਫਾਦਾਰੀਆਂ ਦਾਅ ਤੇ ਲੱਗੀਆਂ ਹੋਈਆਂ ਹਨ।ਸਿਆਸੀ ਪਾਰਟੀਆਂ ਦੇ ਆਗੂ ਤੇ ਵਰਕਰ ਆਪਣੇ ਨਿੱਜੀ ਲਾਭ ਦੀ ਖਾਤਰ ਦਲਬਦਲੂ ਨੀਤੀ ਨੂੰ ਤਰਜੀਹ ਦੇਣ ਲੱਗ ਪਏ ਹਨ। ਇਸ ਪ੍ਰਵਿਰਤੀ ਦਾ ਮੂਲਕਾਰਨ ਅਹੁੱਦਾ,ਸਿਆਸੀ ਤਾਕਤ ਤੇ ਪੈਸਾ ਹੈ। ਸਾਡੇ ਨੇਤਾ ਭਾਂਵੇ ਕਿਸੇ ਵੀ ਰਾਜਨੀਤਕ ਪਾਰਟੀ ਨਾਲ ਸਬੰਧਤ ਹੋਣ ਜਦੋਂ ਉਨ੍ਹਾਂ ਦੇ ਪਿਛੋਕੜ ਵੱਲ ਜਦੋਂ ਝਾਤੀ ਮਾਰਦੇ ਹਾਂ। ਸਤਾਹ ਪ੍ਰੀਵਰਤਣ ਦੇ ਨਾਲ ਰਾਜ ਕਰ ਚੁੱਕੇ ਨੇਤਾਵਾਂ ਦੀਆਂ ਜਮੀਂਨਾਂ ਜਾਇਦਾਦਾਂ, ਕੋਠੀਆਂ ਕਾਰਾਂ, ਬੰਗਲੇ ਅਤੇ ਰਿਸਤੇਦਾਰਾਂ ਦੀਆਂ ਸੰਮਤੀਆਂ ਤੇ ਉਹਨਾਂ ਦੇ ਰਹਣਿ ਸਹਿਣ ਵਲ ਆਮ ਨਾਗਰਿਕ ਵੇਖਦੇ ਹਨ ਉਨ੍ਹਾਂ ਦੇ ਮਨ ਵਿਚ ਲਾਲਸਾ ਪੈਦਾ ਹੁੰਦੀ ਹੈ।ਸਤਾਹ ਵਿਚ ਆਈ ਨਵੀਂ ਸਰਕਾਰ ਰਾਜਭਾਗ ਭੋਗ ਚੁੱਕੇ ਨੇਤਾਵਾਂ ਵਲੋਂ ਕੀਤੀਆਂ ਧਾਂਦਲੀਆਂ ਦਾ ਪਰਦਾਫਾਸ ਕਰਕੇ ਲੋਕਾਂ/ਵੋਟਰਾਂ ਸਾਹਮਣੇ ਆਪਣੇ ਆਪ ਨੂੰ ਲੋਕ ਸੇਵਕ ਹੋਣ ਦਾ ਦਾਅਵਾ ਕਰਦੇ ਹਨ। ਸਿਆਸਤ ਲੋਕ ਸੇਵਾ ਦਾ ਖੇਤਰ ਨਹੀ ਰਹੀ ਸਗੋਂ ਇਸ ਨੂੰ ਵੀ ਸਾਡੇ ਨੇਤਾਵਾਂ ਨੇ ਵਿਉਪਾਰ ਬਣਾ ਦਿੱਤਾ ਹੈ। ਲੋਕਤੰਤਰ ਵਿਚ ਸਭ ਤੋਂ ਛੋਟੀ ਇਕਾਈ ਪਿੰਡ ਦੀ ਪੰਚਾਇਤ ਹੈ, ਉਸਦੀ ਚੋਣ ਵੀ ਆਰਥਿਕ ਅਤੇ ਸਿਆਸੀ ਪ੍ਰਭਾਵ ਤੋਂ ਮੁਕਤ ਨਹੀਂ ਰਹੀ।ਪਿੰਡਾਂ ਦੀਆਂ ਪੰਚਾਇਤਾਂ, ਰਾਜ ਸਰਕਾਰ ਦੇ ਵਿਧਾਨਕਾਰਾਂ ਤੇ ਸਰਬਉਚ ਸੰਸਥਾ ਲੋਕ ਸਭਾ ਅਤੇ ਰਾਜਸਭਾ ਮੈਬਰਾਂ ਦੀ ਜਿਸ ਤਰੀਕੇ ਨਾਲ ਸਿਆਸੀ ਪਾਰਟੀਆਂ ਚੋਣ ਕਰਦੀਆਂ ਹਨ, ਉਸ ਵਿਚ ਖਰੀਦੋ ਫਰੋਖਤ ਕੀਤੀ ਜਾਂਦੀ ਹੈ। ਚੋਣ ਜਿੱਤਣ ਲਈ ਸਿਰ ਧੜ੍ਹ ਦੀ ਬਾਜੀ ਲੱਗ ਜਾਂਦੀ ਹੈ ਤੇ ਪੈਸੇ ਦੇ ਖਰਚੇ ਦੀ ਕੋਈ ਸੀਮਾ ਨਹੀ। ਸਿਆਸੀ ਪਾਰਟੀਆਂ ਵਿਚੋ ਦਲਬਦਲੀ ਕਰਨ ਵਾਲੇ ਸਿਆਸੀ ਪਾਰਟੀਆਂ ਦੇ ਆਗੂ, ਵਫਾਦਾਰਾਂ ਵਰਕਰਾਂ ਲਈ ਮੁਸੀਬਤ ਬਣ ਜਾਂਦੇ ਹਨ ਕਿਉਕਿ ਉਹਨਾਂ ਨੂੰ ਪਾਰਟੀ ਵਿਚ ਸਾਮਲ ਕਰਨ ਤੋਂ ਪਹਿਲਾਂ ਟਿਕਟਾਂ ਤੇ ਅਹੁੱਦਿਆਂ ਦੇ ਵਾਅਦੇ ਕੀਤੇ ਜਾਂਦੇ ਹਨ। ਅਜਿਹੀ ਸਥਿੱਤੀ ਵਿਚ ਪਾਰਟੀ ਦੇ ਵਫਾਦਾਰ ਵਰਕਰ ਦੂਜੀਆਂ ਪਾਰਟੀਆਂ ਵਲ ਰੁੱਖ ਕਰ ਲੈਂਦੇ ਹਨ।

ਪੰਜਾਬ ਵਿਚ ਡੇਢ ਸਾਲ ਪਹਿਲਾਂ ਲੋਕਾਂ ਨੇ ਕਾਂਗਰਸ,ਅਕਾਲੀ ਪਾਰਟੀਆਂ ਦੇ ਬਦਲ ਵਜੋਂ ਆਮ ਆਦਮੀ ਪਾਰਟੀ ਦੇ ਮੈਬਰਾਂ ਦੀ ਚੋਣ ਕੀਤੀ ਸੀ ਕਿ ਸਾਇਦ ਪੰਜਾਬ ਦੇ ਹਾਲਾਤਾਂ ਵਿਚ ਸੁਧਾਰ ਆਵੇਗਾ।ਕੇਂਦਰ ਵਿਚ ਬੀ ਜੇ ਪੀ ਪਾਰਟੀ ਦੀ ਸਰਕਾਰ ਹੋਣ ਕਰਕੇ,ਪੰਜਾਬ ਵਿਚ ਸਰਕਾਰ ਚਲਾ ਰਹੀ ਆਮ ਆਦਮੀ ਪਾਰਟੀ ਨੂੰ ਅਨੇਕਾਂ ਚੁਨੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ।ਕੇਂਦਰ ਦੀ ਸਰਕਾਰ ਰਾਜਾਂ ਦੀਆਂ ਸਕਤੀਆਂ ਆਪਣੇ ਹੱਥ ਵਿਚ




ਕਰਨਾ ਚਾਹੁੰਦੀਆਂ ਤੇ ਰਾਜ ਸਰਕਾਰ ਅੰਦਰੂਨੀ ਸਾਰੀਆਂ ਸਕਤੀਆਂ ਤੇ ਆਪ ਕਬਜਾ ਕਰਨਾ ਚਾਹੁੰਦੀ, ਇਸੇ ਕਰਕੇ ਆਮ ਲੋਕਾਂ ਵਿਚ ਮਜੂਸੀ ਹੈ।ਪੰਜਾਬ ਦੇ ਰਾਜਪਾਲ ਤੇ ਮੁੱਖ ਮੰਤਰੀ ਦਾ ਟਕਰਾਅ, ਪੰਜਾਬ ਦੇ ਵਿਕਾਸ ਤੇ ਸਵਾਲੀਆ ਚਿੰਨ ਹੈ।ਪੰਜਾਬ ਸਰਕਾਰ ਨੂੰ ਕਰੋੜਾਂ ਰੁਪੈ ਦਾ ਵਿਰਾਸਤ ਵਿਚ ਮਿਲਆ ਕਰਜ਼ਾ ਅਤੇ ਖਜ਼ਾਨੇ ਦੀ ਚਿੰਤਾਜਨਕ ਸਥਿਤੀ ਹੋਣ ਦੇ ਬਾਵਜੂਦ ਵਿਕਾਸ ਦੇ ਨਾਂ ਲਏ ਜਾ ਰਹੇ ਕਰੋੜਾ ਰੁਪੈ ਦੇ ਕਰਜ਼ੇ ਤੇ ਵੀ ਸਵਾਲੀਆ ਚਿੰਨ ਲੱਗ ਰਿਹਾ ਹੈ।ਆਮ ਆਦਮੀ ਪਾਰਟੀ ਦੀ ਸਰਕਾਰ ਨੇ ਵੋਟਰਾਂ ਨਾਲ ਜੋ ਵਾਅਦੇ ਕੀਤੇ ਸਨ ਉਨ੍ਹਾ ਨੂੰ ਪੂਰਾ ਕਰਨ ਵੱਲ ਕਿਨ੍ਹਾ ਕੁ ਧਿਆਨ ਦਿੱਤਾ ਹੈ ਲੋਕ ਕਿੰਨੇ ਸੰਤੁਸ਼ਟ ਹਨ।ਪੰਜਾਬ ਦੇ ਕਿਸਾਨਾਂ,ਮੁਲਾਜ਼ਮਾਂ, ਦੁਕਾਨਦਾਰਾਂ, ਔਰਤਾਂ ਨਾਲ ਜੋ ਵਾਅਦੇ ਕੀਤੇ ਸਨ, ਉਹਨਾਂ ਵਿਚੋਂ ਕਿੰਨੇ ਵਾਅਦੇ ਪੂਰੇ ਹੋਏ ਤੇ ਲੋਕਾਂ ਦੇ ਆਮ ਜਨ ਜੀਵਨ ਤੇ ਕੀ ਪ੍ਰਭਾਵ ਪਿਆ ਇਹ ਤਾਂ ਆਉਣ ਵਾਲਾ ਸਮਾਂ ਦੱਸੇਗਾ। ਪੰਜਾਬੀ ਦੀ ਜਵਾਨੀ ਦਾ ਰੁਝਾਨ ਵਿਦੇਸ਼ਾ ਵੱਲ ਵਧਦਾ ਜਾ ਰਿਹਾ, ਬੇਰੁਜਗਾਰ ਟੈਕੀਆਂ ਤੇ ਚੜ੍ਹਨ ਲਈ ਮਜ਼ਬੂਰ ਹੋ ਰਹੇ ਹਨ।ਕਿਸਾਨਾਂ ਤੇ ਮੁਲਾਜ਼ਮਾਂ ਦੀਆਂ ਜੱਥੇਬੰਦੀਆਂ, ਪੈਨਸਰਜ਼ ਐਸੋਸੀਏਸ਼ਨਾਂ ਆਪਣੇ ਹੱਕਾਂ ਲਈ ਧਰਨੇ/ਮੁਜਾਹਰੇ ਕਰਨ ਲਈ ਮਜ਼ਬੂਰ ਹਨ।

ਆਮ ਆਦਮੀ ਪਾਰਟੀ ਨੇ ਚੋਣਾਂ ਤੋਂ ਪਹਿਲਾਂ ਵਿਚ ਨਸ਼ਾ ਖਤਮ ਕਰਨ ਲਈ ਕਿਹਾ ਸੀ ਪਰ ਨਸ਼ਾ ਤੇ ਖਾਸ ਕਰਕੇ ਚਿੱਟਾ ਦਿਨੋ ਦਿਨ ਵੱਧ ਰਿਹਾ, ਬੇਰੁਜ਼ਗਾਰਾਂ ਦਾ ਰੁਝਾਨ ਲੁੱਟਾਂ ਖੋਹਾਂ ਵਲ ਹੋ ਰਿਹਾ। ਅਮਨ ਕਨੂੰਨ ਦੀ ਸਥਿਤੀ ਚਿੰਤਾਜਨਕ ਹੋ ਰਹੀ ਹੈ। ਰਿਸ਼ਵਤਖੋਰੀ ਰੁੱਕ ਨਹੀ ਰਹੀ ਜਿਸਦਾ ਕਾਰਨ ਸਾਡੇ ਨੇਤਾ ਹੀ ਹਨ।ਵਿਦੇਸ਼ਾ ਵਿਚ ਚੁਣੇ ਹੋਏ ਨੁਮਾਂਇੰਦੇ ਆਪਣੀਆਂ ਗੱਡੀਆਂ ਚਲਾਉਦੇ ਹਨ ਉਹਨਾਂ ਨਾਲ ਕੋਈ ਬਾਡੀਗਾਰਡ ਨਹੀ ਹੁੰਦਾ।ਪੰਜਾਬ ਵਿਚ ਕੋਈ ਸਮਾਂ ਸੀ ਜਦੋਂ ਵਿਧਇਕ ਸਰਕਾਰੀ ਬੱਸਾਂ ਵਿਚ ਸਫਰ ਕਰਦੇ ਸਨ ਤੇ ਲੋਕਾਂ ਦੇ ਕੰਮ ਵੀ ਸੌਖੇ ਹੋ ਜਾਂਦੇ ਸਨ। ਸਾਡੇ ਵਿਧਾਇਕਾਂ ਨੂੰ ਸਰਕਾਰੀ ਗੱਡੀਆਂ ਤੇ ਨਾਲ ਸੁਰੱਖਿਆ ਅਮਲਾ ਮਿਲਿਆ ਹੋਇਆ। ਇਸ ਦੇ ਬਾਵਜੂਦ ਵੋਟਾਂ ਵੇਲੇ ਮਦੱਦ ਕਰਨ ਵਾਲੇ ਦਰਜਨਾਂ ਲੋਕ ਹਰ ਵੇਲੇ ਨਾਲ ਤੁਰੇ ਫਿਰਦੇ ਹਨ ਉਹਨਾਂ ਦੀ ਆਮਦਨ ਤੇ ਖਰਚ ਦੇ ਕਿਹੜੇ ਸਾਧਨ ਹਨ।ਰਿਸਵਤ ਰੋਕਣ ਲਈ ਸਰਕਾਰ ਨੂੰ ਪਹਿਲਾਂ ਆਪਣੇ ਵਧਾਇਕਾਂ,ਅਹੁੱਦੇਦਾਰਾਂ ਦਾ ਮੁਲਾਂਕਣ ਕਰਨਾ ਹੋਵੇਗਾ।ਪੰਜਾਬ ਸਰਕਾਰ ਇਸ਼ਤਿਹਾਰਬਾਜੀ ਘਟਾਵੇ ਤੇ 2023 ਦਾ ਸਾਲ ਚਲ ਰਿਹਾ ਰਹਿੰਦੇ ਤਿੰਨ ਮਹੀਨਿਆਂ ਦੇ ਅੰਦਰ ਅੰਦਰ ਪੰਜਾਬ ਸਰਕਾਰ ਸਾਰਾ ਕੰਮ ਚੁਸਤ ਦਰੁੱਸਤ ਕਰਨ ਲਈ 23 ਜ਼ਿਲ੍ਹਿਆਂ ਦੇ 23 ਡਿਪਟੀ ਕਮਿਸ਼ਨਰ ਅਤੇ 23 ਐਸ ਐਸ ਪੀ ਇਮਾਨਦਾਰ ਅਫਸਰਾਂ ਦੀ ਚੋਣ ਕਰਕੇ ਲਗਾਵੇ ਜੋ ਆਪਣੇ ਹਿੱਤਾਂ ਤੋਂ ਉਪਰ ਉੱਠ ਕੇ ਹੇਠਲੇ ਅਫਸਰਾਂ ਤੇ ਕਰਮਚਾਰੀਆਂ ਦੀ ਨਿਗਰਾਨੀ ਕਰ ਸਕਣ। ਮਹਿਕਮਿਆਂ ਜਾਂ ਮੁਲਾਜਮਾਂ ਉਪਰ ਵਾਧੂ ਖਰਚਾ ਪਾਉਣਾ ਬੰਦ ਕੀਤਾ ਜਾਵੇ ਤੇ ਖਰਚਿਆਂ ਦੀ ਪੂਰਤੀ ਸਰਕਾਰ ਕਰੇ। ਜ਼ਿਲ੍ਹਿਆਂ ਵਿਚੋਂ ਠੇਕੇਦਾਰੀ ਸਿਸਟਮ ਬੰਦ ਕਰਕੇ ਨਵੀਆਂ ਅਸਾਮੀਆਂ ਪੈਦਾ ਕਰਨ ਦੀ ਲੋੜ੍ਹ ਹੈ। ਲੋਕਾਂ ਦੀ ਸੁਵਿਧਾ ਲਈ ਖੋਲ੍ਹੇ ਸੁਵਿਧਾ ਕੇਦਰ ਲੋਕਾਂ ਲਈ ਅਸੁਵਿਧਾ ਦਾ ਕਾਰਨ ਹਨ ਕਿਉਕਿ ਸਰਕਾਰੀ ਮਹਿਕਮੇ ਉਹਨਾਂ ਠੇਕੇ ਦੇ ਮੁਲਾਜਮਾਂ ਦੇ ਮੋਢਿਆਂ ਤੇ ਰੱਖਕੇ ਚਲਾਉਦੇ ਹਨ। ਫਾਈਲ ਸੁਵਿਧਾ ਕੇਂਦਰ ਤੇ ਜਮਾਂ ਕਰਵਾਓ ਤੇ ਰਸੀਦ ਲੈ ਕੇ ਸਬੰਧਤ ਸਰਕਾਰੀ ਮੁਲਾਜਮ ਕੋਲ ਜਾਓ ਜੋ ਲੋਕਾਂ ਨਾਲ ਸਿੱਧੇ ਮੂੰਹ ਗਲ ਨਹੀ ਕਰਦੇ। ਹਰ ਸਰਕਾਰੀ ਮਹਿਕਮੇ ਦਾ ਵੱਖਰਾ ਵੱਖਰਾ ਸੁਵਿਧਾ ਕਾਂਊਟਰ ਬਣੇ ਤੇ ਸਰਕਾਰੀ ਮੁਲਾਜਮਾਂ ਦੀ ਸਿੱਧੀ ਜਿੰਮੇਵਾਰੀ ਫਿਕਸ ਕਰਨ ਦੀ ਲੋੜ੍ਹ ਹੈ।

ਕੈਨੇਡਾ-ਭਾਰਤ ਦੀਆਂ ਸਰਕਾਰਾਂ ਵਿਚਕਾਰ ਜੋ ਕਸਮਕੱਸ ਚੱਲ ਰਹੀ ਉਸਦਾ ਸਿੱਧਾ ਪ੍ਰਭਾਵ ਪੰਜਾਬ ਦੇ ਲੋਕਾਂ ਤੇ ਪੈਣਾ ਕਿਉਕਿ ਵੱਡੀ ਗਿਣਤੀ ਵਿਚ ਪੰਜਾਬੀ ਕੈਨੇਡਾ ਜਾ ਵਸੇ ਹਨ ਜਾਂ ਵੱਸਣ ਦੀਆਂ ਯੋਜਨਾਵਾਂ ਬਣਾ ਰਹੇ ਹਨ। ਪੰਜਾਬ ਸਰਕਾਰ ਨੇ 5 ਜਨਵਰੀ ਨੂੰ ਐਨ. ਆਰ.ਆਈ. ਚੋਣਾਂ ਦਾ ਬਿਗਲ ਵਜਾ ਕੇ, ਵਿਦੇਸੀ ਪੰਜਾਬੀਆਂ ਨੂੰ ਲਾਮਬੰਦ ਕਰਨ ਦੀ ਕੋਸ਼ਿਸ ਸੁਰੂ ਕਰ ਦਿੱਤੀ ਪਰ ਕੇਂਦਰ ਦੀ ਬੀ ਜੇ ਪੀ ਸਰਕਾਰ ਇਸ ਨੂੰ ਰੋਕਣ ਲਈ ਯਤਨਸੀਲ ਹੈ।ਬੀ ਜੇ ਪੀ ਸਰਕਾਰ ਨੇ ਔਰਤਾਂ ਲਈ 33% ਸੀਟਾਂ ਰਾਖਵੀਆਂ ਕਰਕੇ ਖੇਡਿਆ ਨਵਾਂ ਪੱਤਾ ਖੇਡਿਆ।ਬੀ ਜੇ ਪੀ ਨੇ ਪੰਜਾਬ ਵਿਚ ਨਵੀਂਆਂ ਨਿਯੁਕਤੀਆਂ ਕਰਕੇ ਆਪਣੀ ਪਾਰਟੀ ਦਾ ਅਧਾਰ ਮਜ਼ਬੂਤ ਕਰਨ ਲਈ ਯਤਨ ਕੀਤਾ।ਬੀ ਜੇ ਪੀ ਹਰਹੀਲ਼ੇ ਪੰਜਾਬ ਤੇ ਕਬਜ਼ਾ ਕਰਨ ਲਈ ਯਤਨਸੀਲ ਹੈ। ਨਵੀ ਬਣੀ ਆਈ ਐਨ ਡੀ ਆਈ ਏ (ਇੰਡੀਆ) ਵਲੋਂ ਖੇਤਰੀ ਪਾਰਟੀਆਂ ਨਾਲ ਗੱਠਜੋੜ ਦਾ ਦੌਰ ਜਾਰੀ ਹੈ। ਪੰਜਾਬ ਵਿਚ ਕਾਂਗਰਸ ਤੇ ਆਮ ਆਦਮੀ ਪਾਰਟੀ ਦੇ ਗੱਠਜੋੜ੍ਹ ਤੇ ਸਵਾਲੀਆ ਚਿੰਨ ਲੱਗ ਗਿਆ ਹੈ।ਸਿਆਸੀ ਬਦਲਾ ਖੋਰੀ ਦੀ ਰਾਜਨੀਤੀ ਦਾ ਦੌਰ ਸੁਰੂ ਹੋਣਾ ਪੰਜਾਬ ਦੇ ਭਵਿੱਖ ਲਈ ਖਤਰੇ ਦੀ ਘੰਟੀ ਹੈ।ਪੰਜਾਬ ਵਿਚ ਸਤਾਹ ਦਾ ਆਨੰਦ ਮਾਣ ਚੁੱਕੀਆਂ ਸ੍ਰੋਮਣੀ ਅਕਾਲੀ ਦੱਲ ਜਾਂ ਕਾਂਗਰਸ ਦੁਬਾਰਾ ਪੰਜਾਬ ਤੇ ਕਾਬਜ ਹੋ ਸਕਣਗੀਆਂ ਜਾਂ ਨਹੀ। ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਅਜੇ ਦੂਰ ਹਨ ਉਸਤੋਂ ਪਹਿਲਾਂ ਲੋਕ ਸਭਾ ਚੋਣਾਂ ਪਾਰਟੀਆਂ ਦੇ ਭਵਿੱਖ ਬਾਰੇ ਫੈਸਲਾ ਕਰ ਦੇਣਗੀਆਂ।ਸਿਆਸੀ ਪਾਰਟੀਆਂ ਦੇ ਆਗੂਆਂ ਨੂੰ ਆਪਣੇ ਨਿੱਜੀ ਹਿੱਤਾਂ ਤੋਂ ਉਪਰ ਉਠਕੇ ਆਪਣਾ ਅਕਸ ਸੁਧਾਰਨ ਅਤੇ ਲੋਕ ਸੇਵਕ ਬਣਨ ਦੀ ਲੋੜ੍ਹ ਹੈ।

# 2 ਸਤੰਬਰ 1897: 21 ਬਹਾਦਰ ਸਿੱਖ ਸ਼ਹੀਦਾਂ ਦੀ ਲਾਸਾਨੀ ਕੁਰਬਾਨੀ ਦੀ ਗਾਥਾ ਸਾਕਾ ਸਾਰਾਗੜ੍ਹੀ

ਇੰਦਰਜੀਤ ਸਿੰਘ ਹਰਪੁਰਾ
(ਬਟਾਲਾ)

ਸਾਰਾਗੜੀ () ਦਾ ਸਾਕਾ ਬਲੀਦਾਨ ਦੀ ਇੱਕ ਅਜਿਹੀ ਅਦੁੱਤੀ ਕਹਾਣੀ ਹੈ, ਜਿਸ ਦੀ ਮਿਸਾਲ ਦੁਨੀਆਂ ਭਰ ਵਿੱਚ ਨਹੀਂ ਮਿਲਦੀ। ਇਹ ਸਾਕਾ ਸਿੱਖ ਰੈਜਮੈਂਟ ਦੇ ਉਹਨਾਂ 21 ਸੂਰਬੀਰ ਬਹਾਦਰ ਸੈਨਿਕਾਂ ਦੀ ਯਾਦ ਦਿਵਾਉਂਦਾ ਹੈ, ਜਿਨਾਂ ਨੇ 12 ਸਤੰਬਰ 1897 ਨੂੰ ਸਾਰਾਗੜੀ ਕਿਲੇ ਦੀ ਰੱਖਿਆ ਕਰਦੇ, 10,000 ਪਠਾਣਾਂ ਵੱਲੋਂ ਕੀਤੇ ਗਏ ਹਮਲੇ ਦਾ ਮੁਕਾਬਲਾ ਕਰਦੇ ਹੋਏ ਸ਼ਹੀਦੀ ਜਾਂਮ ਪੀਤਾ। ਇਸ ਤਰਾਂ ਉਨਾਂ ਭਾਰਤ ਦੇ ਇਤਿਹਾਸ ਵਿੱਚ ਇਕ ਨਵੇਂ ਕਾਂਡ ਦੀ ਸਿਰਜਨਾ ਕੀਤੀ, ਜੋ ਕਿ ਆਉਣ ਵਾਲੀਆਂ ਪੀੜੀਆਂ ਲਈ ਇਕ ਪ੍ਰੇਰਨਾ ਸਰੋਤ ਹੈ।



ਉੱਤਰੀ-ਪੱਛਮੀ ਸਰਹੱਦੀ ਸੂਬੇ (ਜਿਹੜਾ ਕਿ ਹੁਣ ਪਾਕਿਸਤਾਨ ਵਿੱਚ ਹੈ) ਵਿੱਚ 1897 ਵਿੱਚ ਜਿਹੜੀ ਬਗਾਵਤ ਉੱਭਰ ਰਹੀ ਸੀ, ਉਸਦੀ ਅਗਵਾਈ ਮੁੱਲਾ ਕਰ ਰਹੇ ਸਨ। ਇਨਾਂ ਪਠਾਣਾਂ ਨੇ ਹਰ ਥਾਂ ਫੌਜੀਆਂ ਤੇ ਹਮਲੇ ਕਰਨੇ ਸ਼ੁਰੂ ਕਰ ਦਿੱਤੇ। 36ਵੀਂ ਸਿੱਖ ਬਟਾਲੀਅਨ (ਅੱਜ ਕੱਲ 4/11 ਸਿੱਖ ਰੈਜਮੈਂਟ) ਜਿਹੜੀ ਕਿ ਜਲੰਧਰ ਵਿਖੇ 1897 ਵਿੱਚ ਕਰਨਲ ਕੁੱਕ ਦੀ ਕਮਾਂਡ ਹੇਠ ਅਜੇ ਸਿਰਫ ਦੱਸ ਦਿਨ ਪਹਿਲਾਂ ਹੀ ਬਣੀ ਸੀ, ਨੂੰ ਹੁਕਮ ਦਿੱਤਾ ਗਿਆ ਕਿ ਉਹ ਕਿਲਾ ਲੋਕਹਾਰਟ ਪਹੁੰਚ ਜਾਏ। ਇਹ ਕਿਲ੍ਹਾ ਸਰਹੱਦੀ ਇਲਾਕੇ ਦੇ ਪਹਾੜੀ ਖੇਤਰ ਵਿੱਚ ਸਥਿੱਤ ਸੀ। ਸਾਰਾਗੜੀ ਤੇ ਗੁਲਸਤਾਨ ਇਸ ਕਿਲ੍ਹੇ ਦੀਆਂ ਮਸ਼ਹੂਰ ਚੌਕੀਆਂ ਸਨ। ਸਾਰਾਗੜੀ ਇੱਕ ਵੱਖਰੀ ਕਿਸਮ ਦੀ ਚੌਕੀ ਸੀ, ਇਸ ਚੌਕੀ ਦੀ ਕਮਾਂਡ ਹਵਾਲਦਾਰ ਈਸ਼ਰ ਸਿੰਘ, ਜਿਸ ਦੇ ਨਾਲ ਨਾਇਕ ਲਾਭ ਸਿੰਘ, ਲਾਂਸ ਨਾਇਕ ਚੰਦ ਸਿੰਘ ਅਤੇ 18 ਹੋਰ ਸਿਪਾਹੀ ਕਰ ਰਹੇ ਸਨ।

12 ਸਤੰਬਰ 1897 ਨੂੰ ਹਜ਼ਾਰਾਂ ਅਫਰੀਦੀਆਂ ਅਤੇ ਅਰਾਕਜ਼ਾਈ ਪਠਾਣਾਂ ਨੇ ਇਸ ਚੌਕੀ ’ਤੇ ਹਮਲਾ ਕਰ ਦਿੱਤਾ ਅਤੇ ਦੋਵੇਂ ਚੌਕੀਆਂ ਘੇਰ ਲਈਆਂ। ਲੈਫਟੀਨੈਂਟ ਕਰਨਲ ਹਾਫਟਨ ਜਿਹੜਾ ਕਿਲ੍ਹਾ ਲੋਕਹਾਰਟ ਦਾ ਕਮਾਂਡਿੰਗ ਅਫਸਰ ਸੀ, ਉਸ ਨੇ ਸਾਰਾਗੜੀ ਨਾਲ ਸੰਪਰਕ ਪੈਦਾ ਕੀਤਾ, ਜਿੱਥੇ ਕਿ ਹਿਲੋਗ੍ਰਾਫ ਰਾਹੀਂ ਸੰਦੇਸ਼ ਪ੍ਰਾਪਤ ਹੋ ਰਹੇ ਸਨ। ਇਸ ਚੌਕੀ ਵਿੱਚ 4 ਕੰਪਨੀਆਂ ਮੌਜੂਦ ਸਨ। ਸੰਨ 1897 ਦੀ 3 ਸਤੰਬਰ ਅਤੇ 9 ਸਤੰਬਰ ਨੂੰ ਕਬਾਇਲੀਆਂ ਨੇ ਗੁਲਿਸਤਾਨ ਚੌਕੀ ਤੇ ਹਮਲਾ ਕਰ ਦਿੱਤਾ।

ਇਨਾਂ ਦੋਵਾਂ ਹਮਲਿਆਂ ਦਾ ਮੂੰਹ ਤੋੜ ਜਵਾਬ ਦਿੱਤਾ ਗਿਆ, ਜਿਸ ਵਿੱਚ ਦੁਸ਼ਮਣ ਦਾ ਭਾਰੀ ਨੁਕਸਾਨ ਹੋਇਆ। ਇਸ ਹਾਰ ਦੀ ਪੀੜ ਮਹਿਸੂਸ ਕਰਦੇ ਹੋਏ 12 ਸਤੰਬਰ 1897 ਨੂੰ ਹਜ਼ਾਰਾਂ ਦੀ ਗਿਣਤੀ ਵਿੱਚ ਪਠਾਣਾਂ ਨੇ ਸਾਰਾਗੜੀ ਚੌਂਕੀ ਤੇ ਭਾਰੀ ਹਮਲਾ ਕਰ ਦਿੱਤਾ। ਇਸ ਛੋਟੀ ਜਿਹੀ ਚੌਂਕੀ ਦੇ ਅੰਦਰ ਬਹਾਦਰ ਸਿੱਖ ਫੌਜੀਆਂ ਨੇ ਹਮਲਾਵਰਾਂ ਦੇ ਕਈ ਹਮਲਿਆਂ ਦਾ ਮੂੰਹ ਤੋੜ ਉੱਤਰ ਦਿੱਤਾ ਅਤੇ 6 ਘੰਟਿਆਂ ਦੀ ਲੜਾਈ ਵਿੱਚ ਦੋ ਸੌ ਤੋਂ ਵੀ ਵੱਧ ਪਠਾਣ ਮਾਰੇ ਗਏ।

ਸਿਪਾਹੀ ਗੁਰਮੁੱਖ ਸਿੰਘ ਨੇ ਕਰਨਲ ਹਾਫਟਨ ਨੂੰ ਹਿਲੋਗ੍ਰਾਫ ਰਾਹੀਂ ਸੰਦੇਸ਼ ਭੇਜਿਆ ਕਿ ਸਾਰਾਗੜੀ ਦੀ ਚੌਂਕੀ ਤੇ ਦੁਸ਼ਮਣ ਨੇ ਭਾਰੀ ਗਿਣਤੀ ਵਿੱਚ ਹਮਲਾ ਕਰ ਦਿੱਤਾ ਹੈ। ਕਮਾਂਡਰ ਦੇ ਹੁਕਮ ਨਾਲ ਇਨਾਂ ਸਿਪਾਹੀਆਂ ਨੇ ਜਵਾਬ ਵਿੱਚ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ। ਤਕਰੀਬਨ ਅੱਧਾ ਘੰਟਾ ਗੋਲੀ ਚੱਲਦੀ ਰਹੀ ਤਾਂ ਨਾਇਕ ਲਾਭ ਸਿੰਘ, ਭਗਵਾਨ ਸਿੰਘ ਅਤੇ ਸਿਪਾਹੀ ਜੀਵਨ ਸਿੰਘ ਨੇ ਚੌਂਕੀ ਤੋਂ ਬਾਹਰ ਆ ਕੇ ਪਠਾਣਾਂ ਤੇ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ। ਸਾਰਾਗੜੀ ਚੌਕੀ ਦੇ ਅੰਦਰ ਫੌਜੀਆਂ ਨੇ ਹੋਰ ਸੈਨਿਕ ਹਥਿਆਰ ਅਤੇ ਗੋਲਾ-ਬਾਰੂਦ ਮੰਗਿਆਂ, ਪਰ ਚੌਂਕੀ ਦੇ ਅੰਦਰ ਕਿਸੇ ਤਰਾਂ ਦੀ ਮੱਦਦ ਪਹੁੰਚਾਉਣੀ ਮੁਸ਼ਕਲ ਸੀ ਅਜੇ ਉਨਾਂ ਨੇ ਦੁਸ਼ਮਣ ਦੇ ਕੁੱਝ ਹੀ ਬੰਦੇ ਮਾਰੇ ਸਨ ਕਿ ਭਗਵਾਨ ਸਿੰਘ ਸ਼ਹੀਦ ਹੋ ਗਿਆ ਅਤੇ ਲਾਭ ਸਿੰਘ ਬੁਰੀ ਤਰਾਂ ਜ਼ਖ਼ਮੀ ਹੋ ਗਿਆ।

ਜੀਵਨ ਸਿੰਘ ਅਤੇ ਲਾਭ ਸਿੰਘ ਨੇ ਭਗਵਾਨ ਸਿੰਘ ਦੀ ਲਾਸ਼ ਚੁੱਕ ਕੇ ਚੌਂਕੀ ਵਿੱਚ ਰੱਖ ਲਈ। ਲਾਭ ਸਿੰਘ ਨੇ ਜ਼ਖ਼ਮੀ ਹਾਲਤ ਵਿੱਚ ਉਦੋਂ ਤੱਕ ਗੋਲੀ ਚਲਾਉਣੀ ਜਾਰੀ ਰੱਖੀ ਜਦੋਂ ਤੱਕ ਕਿ ਉਹ ਧਰਤੀ ਤੇ ਨਹੀਂ ਡਿੱਗ ਪਿਆ। ਸਿੱਖ ਬਹਾਦਰ ਸਿਪਾਹੀਆਂ ਨੇ ਦਸਮ ਗੁਰੂ ਗੋਬਿੰਦ ਸਿੰਘ ਜੀ ਦੇ ਮਹਾਨ ਵਾਕ ‘‘ਸਵਾ ਲਾਖ ਸੇ ਏਕ ਲੜਾਉਂ,ਤਬੇ ਗੋਬਿੰਦ ਸਿੰਘ ਨਾਮ ਕਹਾਉਂ’’ ਨੂੰ ਸੱਚ ਕਰਕੇ ਦਿਖਾਇਆ।

ਇਸ ਹਾਲਤ ਵਿੱਚ ਵੀਰ ਸੈਨਿਕ ਇਕ ਤੋਂ ਬਾਅਦ ਇਕ ਸ਼ਹੀਦ ਹੁੰਦੇ ਗਏ ਅਤੇ ਜਦ ਗੋਲਾ ਬਾਰੂਦ ਖ਼ਤਮ ਹੋ ਗਿਆ ਤਾਂ ਉਨਾਂ ਨੇ ਤਲਵਾਰਾਂ ਅਤੇ ਸੰਗੀਨਾਂ ਨਾਲ ਦੁਸ਼ਮਣ ਦਾ ਮੁਕਾਬਲਾ ਕੀਤਾ। ਬਹਾਦਰ ਸਿੱਖ ਫੌਜੀਆਂ ਦੀ ਸ਼ਾਨਦਰ ਨਿਸ਼ਾਨੇਬਾਜ਼ੀ ਅਤੇ ਉਨਾਂ ਦੀ ਬਹਾਦਰੀ ਦੇ ਸਦਕੇ ਦੁਸ਼ਮਣ ਇਸ ਚੌਂਕੀ ਦੇ ਨੇੜੇ ਨਾ ਫੜਕ ਸਕਿਆ।

ਇਸ ਲਈ ਦੁਸ਼ਮਣ ਨੇ ਆਖਰੀ ਹਥਿਆਰ ਵੱਜੋਂ ਸਾਰਾਗੜੀ () ਚੌਂਕੀ ਦੇ ਆਲੇ-ਦੁਆਲੇ ਸੁੱਕੀਆਂ ਝਾੜੀਆਂ ਵਿੱਚ ਅੱਗ ਲਾ ਦਿੱਤੀ ਅਤੇ ਚੌਂਕੀ ਦੀ ਇਕ ਕੰਧ ਤੋੜ ਕੇ ਅੰਦਰ ਦਾਖਲ ਹੋਣ ਦੀ ਕੋਸ਼ਿਸ਼ ਕੀਤੀ। ਜਦੋਂ ਇਹ ਸਿਪਾਹੀ ਇਕ-ਇਕ ਕਰਕੇ ਹਜ਼ਾਰਾਂ ਦੀ ਗਿਣਤੀ ਵਿੱਚ ਪਠਾਣਾਂ ਨੂੰ ਮਾਰ ਕੇ ਸ਼ਹੀਦੀ ਪਾ ਗਏ ਤਾਂ ਗੁਰਮੁੱਖ ਸਿੰਘ ਹੀਲੋਗ੍ਰਾਫਰ ਜੋ ਕਿ ਖ਼ਬਰ ਦੇਣ ਦਾ ਇਕੋ ਇਕ ਵਸੀਲਾ ਸੀ ਨੇ ਕਿਲੇ ਦੇ ਕਮਾਂਡਰ ਨੂੰ ਕਿਲੇ ਦੀ ਸਥਿਤੀ ਬਾਰੇ ਜਾਣਕਾਰੀ ਦਿੱਤੀ।

ਇਸ ਸਮੇਂ ਤੱਕ 2 ਫੌਜੀਆਂ ਤੋਂ ਬਿਨਾਂ ਬਾਕੀ ਸਾਰੇ ਸ਼ਹੀਦ ਹੋ ਚੁੱਕੇ ਸਨ। ਕੁੱਝ ਸਮੇਂ ਬਾਅਦ ਇਨਾਂ ਫੌਜਿਆਂ ਦਾ ਕਮਾਂਡਰ ਹਵਾਲਦਾਰ ਈਸ਼ਰ ਸਿੰਘ ਇਕੱਲਾ ਹੀ ਰਹਿ ਗਿਆ ਅਤੇ ਉਸ ਦੇ ਆਲੇ-ਦੁਆਲੇ 20 ਸਾਥੀਆਂ ਦੀਆਂ ਲਾਸ਼ਾਂ ਪਈਆਂ ਸਨ। ਆਪਣੀ ਰਾਈਫਲ ਚੁੱਕ ਕੇ ਉਹ ਸਾਰਾਗੜੀ ਚੋਟੀ ਦੇ ਉਸ ਦਰਵਾਜ਼ੇ ਕੋਲ ਜਾ ਬੈਠਾ ਜਿਥੋਂ ਦੁਸ਼ਮਣ ਚੌਕੀ ਦੇ ਅੰਦਰ ਦਾਖਲ ਹੋਣ ਦੀ ਕੋਸ਼ਿਸ਼ ਕਰ ਰਿਹਾ ਸੀ।

ਬਹੁਤ ਹੌਲੀ ਨਾਲ ਜਿਵੇਂ ਕਿ ਉਹ ਫਾਇਰਿੰਗ ਰੇਂਜ਼ ਉੱਪਰ ਬੈਠਾ ਹੋਵੇ ਆਪਣੀ ਰਾਈਫਲ ਨੂੰ ਨੇੜੇ ਕੀਤਾ ਅਤੇ ਕਈ ਪਠਾਣਾਂ ਨੂੰ ਮੌਤ ਦੇ ਘਾਟ ਉਤਾਰਦਾ ਹੋਇਆ ਸ਼ਹੀਦੀ ਪਾ ਗਿਆ। ਇਸ ਉਪਰੰਤ ਸਾਰੇ ਵਾਤਾਵਰਨ ਤੇ ਖਾਮੋਸ਼ੀ ਦਿਖਾਈ ਦੇਣ ਲੱਗੀ ਅਤੇ ਇਹ ਚੁੱਪ ਦਾ ਵਾਤਾਵਰਣ ਉਸ ਸਮੇਂ ਸਮਾਪਤ ਹੋਇਆ ਜਦੋਂ ਦੁਸ਼ਮਣ ਨੇ ਇਹ ਦੇਖਿਆ ਕਿ ਹੁਣ ਉਸਦਾ ਮੁਕਾਬਲਾ ਕਰਨ ਵਾਲਾ ਕੋਈ ਨਹੀਂ। ਪਠਾਣਾਂ ਨੇ ਮਰਿਆਂ ਹੋਇਆਂ ਜਵਾਨਾਂ ਤੋਂ ਬਦਲਾ ਲਿਆ। ਬੰਦੂਕਾਂ ਆਦਿ ਚੁੱਕਣ ਤੋਂ ਬਾਅਦ ਚੌਕੀ ਨੂੰ ਅੱਗ ਲਗਾ ਦਿੱਤੀ। ਇਸ ਪ੍ਰਕਾਰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਇਨਾਂ ਬਹਾਦਰ ਸਿੰਘਾਂ ਨੇ ਇੱਕ-ਇੱਕ ਕਰਕੇ ਬੜੀ ਸੂਰਬੀਰਤਾ ਨਾਲ ਸ਼ਹਾਦਤ ਪ੍ਰਾਪਤ ਕੀਤੀ।

ਇਨਾਂ ਸੂਰਬੀਰ ਬਹਾਦਰਾਂ ਦੇ ਇਸ ਕਾਰਨਾਮੇ ਨੂੰ ਸਭ ਤੋਂ ਪਹਿਲਾਂ ਜਨਤਾ ਸਾਹਮਣੇ ਪੇਸ਼ ਕਰਨ ਦਾ ਸਿਹਰਾ ਅਲਾਹਾਬਾਦ ਦੇ ਉਸ ਸਮੇਂ ਦੇ ਦੈਨਿਕ ਅੰਗਰੇਜ਼ੀ ਅਖ਼ਬਾਰ ‘‘ਪਾਇਨੀਅਰ’’ ਦੇ ਸਿਰ ਹੈ ਜਿਸ ਦੇ ਸੰਪਾਦਕ ਨੇ ਇਸ ਸਾਕੇ ਦੇ ਸਬੰਧ ਵਿੱਚ ਕਈ ਲੇਖ ਲਿਖੇ। ਇਨਾਂ ਲੇਖਾਂ ਦਾ ਪ੍ਰਨਾਮ ਇਹ ਹੋਇਆ ਕਿ ਬਰਤਾਨੀਆਂ ਵਿੱਚ ਇੱਕ ਐਜੀਟੇਸ਼ਨ ਸ਼ੁਰੂ ਹੋਈ ਅਤੇ ਹਰ ਪਾਸਿਓਂ ਇਹ ਮੰਗ ਉੱਠੀ ਕਿ ਇਨਾਂ ਸਿੰਘਾਂ ਨੇ ਜੋ ਸੂਰਬੀਰਤਾ ਦਿਖਾਈ ਹੈ ਉਸ ਵੱਲ ਧਿਆਨ ਦੇਣ ਦੀ ਲੋੜ ਹੈ।

ਅਖ਼ਬਾਰਾਂ ਨੇ ਇਹ ਮੰਗ ਕੀਤੀ ਕਿ ਇਨਾਂ ਜਵਾਨਾਂ ਦੀ ਯਾਦ ਵਿੱਚ ਜਿਨਾਂ ਨੇ ਲਾ-ਜਵਾਬ ਬਹਾਦਰੀ ਦਾ ਸਬੂਤ ਦਿੱਤਾ, ਇੱਕ ਯਾਦਗਾਰ ਬਣਾਈ ਜਾਵੇ ਤਾਂ ਕਿ ਇਹ ਕੁਰਬਾਨੀ ਨਾ ਕਿ ਸਿੱਖ ਫੌਜ ਲਈ ਬਲਿਕ ਸਮੁੱਚੇ ਭਾਰਤ ਲਈ ਮਾਣ ਦੀ ਗੱਲ ਬਣ ਸਕੇ।

ਅਖ਼ਬਾਰ ਦੇ ਵਿਚ ਛਪੇ ਲੇਖਾਂ ਦੇ ਪ੍ਰਤੀਕਰਮ ਦੇ ਸਿੱਟੇ ਵਜੋਂ ਇਹ ਫੈਸਲਾ ਕੀਤਾ ਗਿਆ ਕਿ ਵਜ਼ੀਰਸਤਾਨ ਜਿੱਥੇ ਇਨਾਂ ਜਵਾਨਾਂ ਨੇ ਸ਼ਹੀਦੀਆਂ ਪ੍ਰਾਪਤ ਕੀਤੀਆਂ, ਕੇਸਰੀ ਬਾਗ ਅੰਮ੍ਰਿਤਸਰ ਅਤੇ ਫਿਰੋਜ਼ਪੁਰ ਵਿਖੇ ਇਨਾਂ 21 ਸਿੰਘਾਂ ਫੌਜੀਆਂ ਦੀ ਯਾਦਗਾਰ ਵਿੱਚ ਸਾਰਾਗੜੀ ਮੈਮੋਰੀਅਲ ਗੁਰਦੁਵਾਰਾ ਸਾਹਿਬ ਸਥਾਪਤ ਕੀਤੇ ਜਾਣ। ਇਨਾਂ 21 ਸ਼ਹੀਦਾਂ ਵਿੱਚੋਂ ਜਿਆਦਾ ਸ਼ਹੀਦਾਂ ਦਾ ਸਬੰਧ ਫਿਰੋਜ਼ਪੁਰ ਤੇ ਅੰਮ੍ਰਿਤਸਰ ਨਾਲ ਸੀ। ਇਤਿਹਾਸਕ ਸਾਰਾਗੜੀ ਗੁਰਦੁਵਾਰਾ ਫਿਰੋਜ਼ਪੁਰ ਤੇ 27 ਹਜ਼ਾਰ ਇਕ ਸੋ 18 ਰੁਪਏ ਖਰਚ ਆਏ ਸਨ ਜੋ ਜਨਤਾ ਰਾਹੀਂ ਇਕਠੇ ਕੀਤੇ ਗਏ ਸਨ। ਇਹ ਗੁਰਦਵਾਰਾ 1902 ਵਿਚ ਬਣਾਇਆ ਗਿਆ ਅਤੇ ਇਸ ਦਾ ਉਦਘਾਟਨ 18 ਜਨਵਰੀ, 1904 ਨੂੰ ਪੰਜਾਬ ਦੇ ਉਸ ਸਮੇਂ ਦੇ ਲੈਫਟੀਨੈਂਟ ਗਵਰਨਰ ਸਰ ਚਾਰਲਸ ਮੌਂਟਗੁਮਰੀ ਰੀਵਾਜ ਨੇ ਕੀਤਾ ਸੀ।

ਇਹੋ ਜਿਹੀ ਕੁਰਾਬਨੀ ਅਤੇ ਬਹਾਦਰੀ, ਜੋ ਸਿੱਖ ਫੌਜੀਆਂ ਵੱਲੋਂ ਉੱਤਰ-ਪੱਛਮ ਸਰਹੱਦ ਤੇ ਵਿਖਾਈ ਗਈ ਪਹਿਲਾਂ ਕਦੇ ਨਹੀਂ ਵੇਖੀ ਗਈ। ਇਸ ਉਪਰੰਤ ਇੰਡੀਅਨ ਹੀਰੋਜ਼ ਫੰਡ ਖੋਲਿਆ ਗਿਆ ਜਿਸ ਵਿੱਚ ਇਗਲੈਂਡ ਦੀ ਮਹਾਰਾਣੀ ਅਤੇ ਹੋਰਨਾਂ ਨੇ ਭਾਰਤ ਵਿੱਚ ਅਤੇ ਇੰਗਲੈਂਡ ਵਿੱਚ ਦਿਲ ਖੋਲ ਕੇ ਚੰਦਾ ਦਿੱਤਾ। ਇਨਾਂ 21 ਜਵਾਨਾਂ ਵਿਚ ਹਰ ਇਕ ਨੂੰ ਇੰਡੀਅਨ ਆਰਡਰ ਆਫ ਮੈਰਿਟ, ਜਿਹੜਾ ਕਿ ਉਸ ਸਮੇਂ ਉੱਚ ਸਰਵੋਤਮ ਜੰਗੀ ਇਨਾਮ ਸੀ, ਨਾਲ ਸਨਮਾਨਿਆ ਗਿਆ ਅਤੇ ਇਨਾਂ ਦੀਆਂ ਵਿੱਧਵਾਵਾਂ ਨੂੰ ਉਸ ਸਮੇਂ ਮੁਤਾਬਿਕ ਪੈਨਸ਼ਨ ਅਤੇ 500 ਰੁਪਏ ਨਕਦ ਇਨਾਮ ਦਿੱਤਾ ਗਿਆ। ਇਸ ਤੋਂ ਇਲਾਵਾ ਉਹਨਾਂ ਦੇ ਆਸ਼ਰਿਤਾਂ ਨੂੰ 50-50 ਏਕੜ (ਦੋ-ਦੋ ਮੁਰੱਬੇ) ਜ਼ਮੀਨ ਦਿੱਤੀ ਗਈ ਸੀ। ਇਸ ਯੁੱਧ ਦਾ ਸ਼ੁਮਾਰ ਦੁਨੀਆਂ ਦੇ 10 ਬੇਹਤਰੀਨ ਯੁੱਧਾਂ ਵਿਚ ਕੀਤਾ ਜਾਂਦਾ ਹੈ। ਸਿੱਖ ਫੌਜੀਆਂ ਦੀ ਲਾਸਾਨੀ ਕੁਰਬਾਨੀ ਦਾ ਇਤਿਹਾਸ ਅੱਜ ਵੀ ਇਗਲੈਂਡ ਤੇ ਫਰਾਂਸ ਸਮੇਤ ਕਈ ਦੇਸ਼ਾ ਦੇ ਸਕੂਲਾ ਵਿਚ ਪੜਾਇਆ ਜਾਂਦਾ ਹੈ।

ਸਾਰਾਗੜੀ ਦੀ ਲੜਾਈ ਵਿਚ ਸ਼ਹੀਦ ਹੋਣ ਵਾਲੇ ਬਹਾਦਰ ਜਵਾਨਾਂ ਦੇ ਨਾਮ ਹਵਾਲਦਾਰ ਈਸ਼ਰ ਸਿੰਘ, ਨਾਇਕ ਲਾਭ ਸਿੰਘ, ਲਾਂਸ ਨਾਇਕ ਚੰਦਾ ਸਿੰਘ, ਸਿਪਾਹੀ ਸੁੱਧ ਸਿੰਘ, ਸਾਹਿਬ ਸਿੰਘ, ਉੱਤਮ ਸਿੰਘ, ਨਰੈਣ ਸਿੰਘ, ਗੁਰਮੁੱਖ ਸਿੰਘ, ਜੀਵਨ ਸਿੰਘ, ਰਾਮ ਸਿੰਘ, ਹੀਰਾ ਸਿੰਘ, ਦਇਆ ਸਿੰਘ, ਭੋਲਾ ਸਿੰਘ, ਜੀਵਨ ਸਿੰਘ, ਗੁਰਮੁੱਖ ਸਿੰਘ, ਭਗਵਾਨ ਸਿੰਘ, ਰਾਮ ਸਿੰਘ, ਬੂਟਾ ਸਿੰਘ, ਜੀਵਨ ਸਿੰਘ, ਅਨੰਦ ਸਿੰਘ, ਅਤੇ ਭਗਵਾਨ ਸਿੰਘ ਸਨ।

# ਸਿੱਖ ਰਾਜ ਦਾ ਆਖ਼ਰੀ ਮਹਾਰਾਜਾ ਦਲੀਪ ਸਿੰਘ

6 ਸਤੰਬਰ 1838 ਨੂੰ ਲਾਹੌਰ ਦੇ ਆਖਰੀ ਸਿੱਖ ਸ਼ਾਸਕ ਮਹਾਰਾਜਾ ਦਲੀਪ ਸਿੰਘ ( ) ਨੇ ਮਹਾਰਾਣੀ ਜਿੰਦ ਕੌਰ ਦੀ ਕੁੱਖੋਂ ਜਨਮ ਲਿਆ . ਦਲੀਪ ਸਿੰਘ ਸ਼ੇਰੇ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੇ ਸਭ ਤੋਂ ਛੋਟੇ ਅਤੇ ਸੱਤਵੇਂ ਪੁੱਤਰ ਸਨ . ਦਲੀਪ ਸਿੰਘ 1843 ਵਿੱਚ ਲਾਹੌਰ ਦਾ ਮਹਾਰਾਜਾ ਬਣਿਆ। ਦੂਜੀ ਸਿੱਖ ਜੰਗ ਤੋਂ ਬਾਅਦ 1849 ਵਿੱਚ ਈਸਟ ਇੰਡੀਆ ਕੰਪਨੀ ਦੁਆਰਾ ਉਸ ਦੇ ਰਾਜ ਨੂੰ ਆਪਣੇ ਨਾਲ ਮਿਲਾ ਲਿਆ ਗਿਆ ਅਤੇ ਬਾਅਦ ਵਿੱਚ 1854 ਵਿੱਚ ਬਰਤਾਨੀਆ ਭੇਜ ਦਿੱਤਾ ਗਿਆ . ਉਹ ਸਿੱਖ ਸਾਮਰਾਜ ਦਾ ਆਖਰੀ ਮਹਾਰਾਜਾ ਸੀ।



ਮਹਾਰਾਜਾ ਦਲੀਪ ਸਿੰਘ ਨੂੰ ਸ਼ਾਹੀ ਪਰਿਵਾਰ ਨਾਲ ਕੁਝ ਸਮਾ ਸ਼ਾਹੀ ਮਹੱਲ ਓਸਬੋਰਨ ਹਾਊਸ ਵਿੱਚ ਰੱਖਿਆ ਗਿਆ। ਉਪਰੰਤ 19 ਮਾਰਚ 1854 ਨੂੰ ਲੰਡਨ ਦੇ ਬਾਹਰੀ ਨਾਰਫੋਕ ਦੇ ਐਲਵੇਡਨ ਪਾਰਕ ਵਿੱਚ ਵਸਾ ਦਿੱਤਾ। ਬਾਅਦ ’ਚ ਉਹ ਸਕਾਟਲੈਂਡ ਦੇ ਕਸਬਾ ਪਰਥਸ਼ਾਇਰ ’ਚ ਰਹਿਣ ਲੱਗੇ। ।ਉਹ ਉਥੇ The Black Prince of Perth shire ਨਾਲ ਮਸ਼ਹੂਰ ਹੋਏ। ਉਨ੍ਹਾਂ ਨੂੰ ਬਲੈਕ ਪ੍ਰਿੰਸ ਦੇ ਨਾਮ ਨਾਲ ਜਾਣਿਆ ਜਾਂਦਾ ਹੈ।

29 ਜੂਨ 1839 ਨੂੰ ਮਹਾਰਾਜਾ ਰਣਜੀਤ ਸਿੰਘ ਜੀ ਦੇ ਅੱਖਾਂ ਮੀਟ ਜਾਣ ਉਪਰੰਤ ਲਾਹੌਰ ਦਰਬਾਰ ’ਚ ਬੁਰਛਾਗਰਦੀ ਸ਼ੁਰੂ ਹੋ ਗਈ। ਸ਼ੇਰੇ ਪੰਜਾਬ ਦਾ ਵੱਡਾ ਬੇਟਾ ਖੜਕ ਸਿੰਘ ਮਹਾਰਾਜਾ ਬਣਿਆਂ ਪਰ ਉਹ ਛੇਤੀ 5 ਨਵੰਬਰ 1840 ਨੂੰ ਚੜ੍ਹਾਈ ਕਰ ਗਏ। ਉਹ 27 ਜੂਨ 1839 ਤੋਂ 5 ਨਵੰਬਰ 1840 ਮਹਾਰਾਜਾ ਰਹੇ . ਇਸਤੋਂ ਬਾਅਦ ਨੌਨਿਹਾਲ ਸਿੰਘ (1839-1840), ਚੰਦ ਕੌਰ (5 ਨਵੰਬਰ 1840 ਤੋਂ 18 ਜਨਵਰੀ 1841) ਮਹਾਰਾਜਾ ਸ਼ੇਰ ਸਿੰਘ (18 ਜਨਵਰੀ 1841 ਤੋਂ 15 ਸਤੰਬਰ 1843) ਇਸਤੋਂ ਬਾਅਦ ਮਹਾਰਾਜਾ ਦਲੀਪ ਸਿੰਘ ਪੰਜ ਸਾਲ ਦੀ ਉਮਰ ਵਿੱਚ 6 ਸਤੰਬਰ 1843 ਨੂੰ ਮਹਾਰ-ਾਜਾ ਬਣੇ . ਉਸਦੇ ਭਰਾਵਾਂ ਅਤੇ ਭਤੀਜੇ ਦੀ ਮੌਤ ਤੋਂ ਬਾਅਦ ਇਹ ਸਾਰੇ ਮਹਾਰਾਜਾ ਰਣਜੀਤ ਸਿੰਘ ਦੇ ਖਾਲਸਾ ਰਾਜ ਦੇ ਸਿੰਘਾਸਣ ਦੇ ਸੰਖੇਪ ਉੱਤਰਾਧਿਕਾਰੀ ਸਨ।

ਪੰਜਾਬ ਦੇ ਨਵੇਂ ਅਤੇ ਆਖ਼ਰੀ ਮਹਾਰਾਜਾ ਦਲੀਪ ਸਿੰਘ ਦੇ ਜੀਵਨ ਦੇ ਸ਼ੁਰੂਆਤੀ ਸਾਲਾਂ ਨੂੰ ਉਸਦੇ ਦਾਦਾ ਜੀ ਦੇ ਦਰਬਾਰ ਦੇ ਅਮੀਰ ਪਿਛੋਕੜ ਅਤੇ ਲਾਹੌਰ ਦੇ ਆਲੀਸ਼ਾਨ ਮਹਿਲਾਂ ਅਤੇ ਬਾਗਾਂ ਦੇ ਦੇ ਬਿਨਾਂ ਖੇਡਿਆ . ਦਲੀਪ ਸਿੰਘ ਨੇ ਫਾਰਸੀ ਅਤੇ ਇੱਕ ਗੁਰਮੁਖੀ ਦੀ ਸਿੱਖਿਆ ਪ੍ਰਾਪਤ ਕੀਤੀ । ਉਨ੍ਹਾਂ ਨੂੰ ਬੰਦੂਕਾਂ ਅਤੇ ਧਨੁਸ਼ ਚਲਾਉਣਾ ਸਿਖਾਇਆ ਗਿਆ ਸੀ ਅਤੇ ਕਮਾਂਡ ਕਰਨ ਦੀ ਸਿਖਲਾਈ ਦਿੱਤੀ ਗਈ ਸੀ। ਮਹਾਰਾਜਾ ਦਲੀਪ ਸਿੰਘ ਆਪਣੀ ਮਾਂ ਨੂੰ ਬਹੁਤ ਯਾਦ ਕਰਦੇ ਸਨ।

ਕੁਝ ਸਮੇਂ ਲਈ ਉਨ੍ਹਾਂ ( ) ਦੀ ਮਾਤਾ ਜੀ ਨੇ ਰੀਜੈਂਟ ਵਜੋਂ ਰਾਜ ਕੀਤਾ, ਪਰ ਦਸੰਬਰ 1846 ਵਿੱਚ, ਪਹਿਲੀ ਐਂਗਲੋ-ਸਿੱਖ ਜੰਗ ਤੋਂ ਬਾਅਦ, ਉਸਨੂੰ ਇੱਕ ਬ੍ਰਿਟਿਸ਼ ਰੈਜ਼ੀਡੈਂਟ ਦੁਆਰਾ ਬਦਲ ਦਿੱਤਾ ਗਿਆ ਅਤੇ ਕੈਦ ਕਰ ਦਿੱਤਾ ਗਿਆ। ਅਪ੍ਰੈਲ 1849 ਵਿਚ ਦਸ ਸਾਲਾ ਦਲੀਪ ਨੂੰ ਡਾਕਟਰ ਜੌਹਨ ਲੋਗਿਨ ਦੀ ਦੇਖ-ਰੇਖ ਵਿਚ ਰੱਖਿਆ ਗਿਆ ਅਤੇ 21 ਦਸੰਬਰ 1849 ਨੂੰ ਲਾਹੌਰ ਤੋਂ ਫਤਿਹਗੜ੍ਹ ਭੇਜ ਦਿੱਤਾ ਗਿਆ, ਇਸ ਗੱਲ ‘ਤੇ ਸਖ਼ਤ ਪਾਬੰਦੀਆਂ ਸਨ ਕਿ ਉਸ ਨੂੰ ਕਿਸ ਨੂੰ ਮਿਲਣ ਦੀ ਇਜਾਜ਼ਤ ਦਿੱਤੀ ਗਈ ਸੀ। ਭਰੋਸੇਮੰਦ ਨੌਕਰਾਂ ਨੂੰ ਛੱਡ ਕੇ ਕੋਈ ਵੀ ਭਾਰਤੀ ਉਸ ਨੂੰ ਇਕੱਲੇ ਵਿਚ ਨਹੀਂ ਮਿਲ ਸਕਦਾ ਸੀ। ਬ੍ਰਿਟਿਸ਼ ਨੀਤੀ ਦੇ ਮਾਮਲੇ ਵਜੋਂ, ਉਸ ਨੂੰ ਹਰ ਸੰਭਵ ਤੌਰ ‘ਤੇ ਅੰਗਰੇਜ਼ ਕੀਤਾ ਜਾਣਾ ਸੀ।

ਮਹਾਰਾਜਾ ਦੇ ਦਿਲ ਚ ਮੁੜ ‘ਸੋਜ਼-ਏ-ਵਤਨ’ ਦੀ ਚਿਣਗ ਲਾਈ। ਉਹ ਫਰਵਰੀ 1861 ਨੂੰ ਭਾਰਤ ਪਹੁੰਚਿਆ ਤਾਂ ਭਾਰਤੀਆਂ, 21 ਤੋਪਾਂ ਦੀ ਸਲਾਮੀ ਦਿੱਤੀ। ਉਹਨੇ ਆਪਣੇ ਖੁੱਸੇ ਰਾਜ ਦੀ ਮੁੜ ਬਹਾਲੀ ਲਈ ਉਚ ਭਾਰਤੀਆਂ ਨਾਲ ਵੱਖ ਵੱਖ ਬੈਠਕਾਂ ਕੀਤੀਆਂ ਪਰ ਫਿਰੰਗੀ ਨੇ ਉਸ ਨੂੰ ਪੰਜਾਬ ਜਾਣ ਦੀ ਆਗਿਆ ਨਾ ਦਿੱਤੀ। ਇਸਤੋਂ ਬਾਅਦ ਉਨ੍ਹਾਂ ਨੂੰ ਮੁੜ ਵਲੈਤ ਭੇਜ ਦਿੱਤਾ ਗਿਆ .ਇਸਦੇ ਨਾਲ ਹੀ ਮਹਾਰਾਜਾ ਦੀ ਪੈਨਸ਼ਨ ਤੇ ਹੋਰ ਸਹੂਲਤਾਂ ’ਚ ਹੋਰ ਵਧੇਰੇ ਕਟੌਤੀ ਕਰ ਦਿੱਤੀ ਗਈ। ਇਥੋਂ ਤੱਕ ਕਿ ਉਸ ਨੂੰ ਲਾਹੌਰ ਦਰਬਾਰ ਜਾਂ ਹੋਰ ਬਾਹਰੀ ਨਿੱਜੀ ਸੰਪਤੀ ’ਚੋਂ ਕੋਈ ਹਿੱਸਾ ਨਾ ਦਿੱਤਾ ਗਿਆ।

ਮਹਾਰਾਜਾ ਦੀ ਪੈਨਸ਼ਨ ਤੇ ਹੋਰ ਸਹੂਲਤਾਂ ’ਚ ਹੋਰ ਵਧੇਰੇ ਕਟੌਤੀ ਕਰ ਦਿੱਤੀ ਗਈ। ਇਥੋਂ ਤੱਕ ਕਿ ਉਸ ਨੂੰ ਲਾਹੌਰ ਦਰਬਾਰ ਜਾਂ ਹੋਰ ਬਾਹਰੀ ਨਿੱਜੀ ਸੰਪਤੀ ’ਚੋਂ ਕੋਈ ਹਿੱਸਾ ਨਾ ਦਿੱਤਾ ਗਿਆ। ਮਹਾਰਾਜਾ ਦਲੀਪ ਸਿੰਘ ਪੈਰਿਸ ਦੇ ਹੋਟਲ ਵਿੱਚ 23 ਅਕਤੂਬਰ 1893 ਨੂੰ ਅੱਖਾਂ ਮੀਟ ਗਿਆ।

# ਸਿੱਖਿਆ ਵਿਭਾਗ ਦੇ ਡਾਇਰੈਕਟਰਾਂ ਦੇ ਅਹੁਦਿਆਂ 'ਤੇ ਪੀ. ਸੀ. ਐੱਸ. ਅਧਿਕਾਰੀਆਂ ਦੀ ਨਿਯੁਕਤੀ ਕਾਰਨ ਸਿੱਖਿਆ ਵਿਭਾਗ ਵਿੱਚ ਰੋਸ ਦੀ ਲਹਿਰ

**ਸਕੂਲ ਪ੍ਰਿੰਸੀਪਲਾਂ ਅਤੇ ਅਧਿਕਾਰੀਆਂ ਦੀ ਜੁਆਇੰਟ ਐਕਸ਼ਨ ਕਮੇਟੀ ਵੱਲੋਂ 15 ਨੂੰ ਰਾਜ ਪੱਧਰੀ ਮੀਟਿੰਗ ਸੱਦੀ**

ਜਲੰਧਰ 4 ਅਕਤੂਬਰ (ਗਿਆਨ ਸਿੰਘ) ਬਦਲਾਵ ਦੇ ਨਾਹਰੇ ਹੇਠ ਆਈ ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਵੱਲੋਂ ਪਿਛਲੀਆਂ ਸਰਕਾਰਾਂ ਦੇ ਨਕਸ਼ੇ ਕਦਮਾਂ 'ਤੇ ਨਾ ਸਿਰਫ ਚਲਦਿਆਂ ਸਗੋਂ ਅੱਗੇ ਕਦਮ ਵਧਾਉਂਦਿਆਂ ਡਾਇਰੈਕਟਰ ਸੈਕੰਡਰੀ ਸਿੱਖਿਆ ਤੋਂ ਬਾਅਦ ਹੁਣ ਡਾਇਰੈਕਟਰ ਐਸ. ਸੀ. ਈ. ਆਰ. ਟੀ. ਅਤੇ ਡਾਇਰੈਕਟਰ ਐਲੀਮੈਂਟਰੀ ਦੇ ਅਹੁਦੇ ਦਾ ਆਰਜੀ ਚਾਰਜ ਵੀ ਪੀ. ਸੀ.ਐਸ. ਅਧਿਕਾਰੀ ਨੂੰ ਦੇ ਦਿੱਤਾ ਗਿਆ। ਵਿਭਾਗ ਦੇ ਅਜਿਹੇ ਕਦਮਾਂ ਕਾਰਨ ਸਿੱਖਿਆ ਵਿਭਾਗ ਵਿੱਚ ਰੋਸ ਵੱਧਦਾ ਜਾ ਰਿਹਾ ਹੈ।



ਜੁਆਇੰਟ ਐਕਸ਼ਨ ਕਮੇਟੀ ਦੇ ਸਮੂਹ ਕਨਵੀਨਰਾਂ ਸੁਖਵਿੰਦਰ ਸਿੰਘ, ਦੀਪਇੰਦਰਪਾਲ ਸਿੰਘ ਖਹਿਰਾ ਅਤੇ ਸ਼ੰਕਰ ਚੌਧਰੀ ਨੇ ਸਾਂਝਾ ਪ੍ਰੈਸ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਵਿਭਾਗ ਦੇ ਮੁਖੀ ਦੀ ਆਸਾਮੀ 'ਤੇ ਸਿੱਖਿਆ ਮਾਹਿਰ ਨੂੰ ਹੀ ਲਗਾਉਣਾ ਹੀ ਜਾਇਜ ਹੈ ਅਤੇ ਨਿਯਮਾਂ ਵਿੱਚ ਵੀ ਅਜਿਹਾ ਹੀ ਉਪਬੰਧ ਹੈ। ਕਿਉਂਕਿ ਉਹ ਅਧਿਕਾਰੀ ਸਿੱਖਿਆ ਵਿਭਾਗ ਵਿੱਚ ਲੰਮੇ ਤਜਰਬੇ ਤੋਂ ਬਾਅਦ ਇਹਨਾਂ ਅਹੁਦਿਆਂ ਉੱਪਰ ਪਹੁੰਚਦੇ ਹਨ ਅਤੇ ਉਹ ਪੂਰੇ ਉਤਸ਼ਾਹ ਨਾਲ ਕੰਮ ਵੀ ਕਰਦੇ ਹਨ। ਪ੍ਰੰਤੂ ਸਰਕਾਰ ਵੱਲੋਂ ਸਿੱਖਿਆ ਵਿਭਾਗ ਵਿੱਚੋਂ ਤਰੱਕੀ ਕਰਕੇ ਡਾਇਰੈਕਟਰ ਲਾਉਣ ਦੀ ਥਾਂ ਆਪਣੇ ਚਹੇਤੇ ਅਧਿਕਾਰੀਆਂ ਨੂੰ ਖੁਸ਼ ਕਰਨ ਲਈ ਇਹਨਾਂ ਅਹੁਦਿਆਂ ਉੱਪਰ ਤਾਇਨਾਤ ਕੀਤਾ ਜਾ ਰਿਹਾ ਹੈ। ਜਿਸ ਨਾਲ ਜਿੱਥੇ ਸਿੱਖਿਆ ਵਿਭਾਗ ਦੇ ਕਰਮਚਾਰੀਆਂ ਦੇ ਤਰੱਕੀ ਦੇ ਮੌਕੇ ਘੱਟਦੇ ਹਨ ਉੱਥੇ ਪੀ. ਸੀ. ਐਸ. ਅਧਿਕਾਰੀਆਂ ਦੀਆਂ ਵਾਰ-ਵਾਰ ਬਦਲੀਆਂ ਹੋਣ ਨਾਲ ਵਿਭਾਗ ਦੇ ਕੰਮ ਵੀ ਬੁਰੀ ਤਰ੍ਹਾਂ ਨਾਲ ਪ੍ਰਭਾਵਿਤ ਹੁੰਦੇ ਹਨ। ਉਹਨਾਂ ਸਰਕਾਰ ਤੋਂ ਮੰਗ ਕੀਤੀ ਕਿ ਪਹਿਲਾਂ ਵਾਂਗ ਸਿੱਖਿਆ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨੂੰ ਪ੍ਰਮੋਟ ਕਰਕੇ ਇਹਨਾਂ ਅਹੁਦਿਆਂ 'ਤੇ ਤਾਇਨਾਤ ਕੀਤਾ ਜਾਵੇ। ਇਸ ਸਬੰਧ ਵਿੱਚ ਜੁਆਇੰਟ ਐਕਸ਼ਨ ਕਮੇਟੀ ਨੇ ਇੱਕ ਅਹਿਮ ਮੀਟਿੰਗ 15 ਅਕਤੂਬਰ ਨੂੰ ਜਲੰਧਰ ਵਿਖੇ ਬੁਲਾ ਲਈ ਹੈ।

ਮੀਟਿੰਗ ਵਿੱਚ ਉਪਰੋਕਤ ਤੋਂ ਇਲਾਵਾ ਸਕੂਲ ਪਿੰਸੀਪਲਾਂ ਦੀਆਂ ਹੋਰ ਚਿਰਾਂ ਤੋਂ ਲਟਕਦੀਆਂ ਮੰਗਾਂ ਜਿਵੇਂ ਛੇਵੇਂ ਤਨਖਾਹ ਕਮਿਸ਼ਨ ਵੱਲੋਂ 2011 ਵਿੱਚ ਪ੍ਰਿੰਸੀਪਲਾਂ ਦੀ ਤਨਖਾਹ ਵਿੱਚ ਹੋਈ ਕਲੈਰੀਕਲ ਮਿਸਟੇਕ ਹੋਣ ਇਸ ਕਾਡਰ ਦੀ ਤਨਖਾਹ ਦੀ ਫਿਕਸੇਸ਼ਨ ਵਿੱਚ ਵੱਡੀ ਅਨਾਮਲੀ ਹੋ ਗਈ ਸੀ। ਅਸਲ ਵਿੱਚ ਕੇਂਦਰ ਸਰਕਾਰ ਵੱਲੋਂ ਗਜ਼ਟ ਨੋਟੀਫਿਕੇਸ਼ਨ ਨੰ. 470 ਮਿਤੀ 29.08.2008 ਅਨੁਸਾਰ ਪ੍ਰਿੰਸੀਪਲ ਨੂੰ 10000-15200 ਦੀ ਥਾਂ ਅਣਸੋਧੇ ਤਨਖਾਹ ਸਕੇਲ 12000-16500 'ਤੇ ਫਿਕਸ ਕੀਤਾ ਹੈ। ਪੰਜਾਬ ਦੇ ਪੰਜਵੇਂ ਤਨਖਾਹ ਕਮਿਸ਼ਨ ਦੇ ਜਨਰਲ ਕਨਵਰਸ਼ਨ ਟੇਬਲ ਅਨੁਸਾਰ ਇਹ ਸਕੇਲ 15600-39100 ਪੇ-ਬੈਂਡ ਅਤੇ ਗ੍ਰੇਡ-ਪੇ 7800 ਰੁਪਏ ਬਣਦਾ ਹੈ। ਕਮਿਸ਼ਨ ਵਲੋਂ ਰਿਪੋਰਟ ਵਿੱਚ ਜੇ.ਬੀ.ਟੀ. ਤੋਂ ਲੈ ਕੇ ਅਧਿਆਪਕਾ ਦੇ ਸਾਰੇ ਕਾਡਰਾਂ ਨੂੰ ਕੇਂਦਰ ਸਰਕਾਰ ਦੇ ਆਧਾਰ 'ਤੇ ਤਨਖਾਹ ਸਕੇਲ ਦਿੱਤੇ ਗਏ ਸਨ, ਪ੍ਰੰਤੂ ਪ੍ਰਿੰਸੀਪਲਾਂ ਨੂੰ ਗਲਤੀ ਨਾਲ ਤਨਖਾਹ ਸਕੇਲ 15600-39100 ਅਤੇ ਗ੍ਰੇਡ-ਪੇ 6600 ਦਿੱਤੀ। ਤਨਖਾਹ ਸਕੇਲ ਵਿੱਚ ਗਲਤੀ ਹੋਣ ਕਾਰਨ ਇਹ ਸਕੇਲ ਕੇਂਦਰ ਸਰਕਾਰ ਅਤੇ ਕਈ ਹੋਰ ਸਟੇਟਾਂ ਜਿਵੇਂ ਯੂ.ਪੀ. ਅਤੇ ਬਿਹਾਰ ਨਾਲੋਂ ਵੀ ਕਾਫੀ ਘੱਟ ਦਿੱਤੇ ਗਏ ਸਨ। ਪ੍ਰਿੰਸੀਪਲਾਂ ਵੱਲੋਂ ਤਨਖਾਹ ਕਮਿਸ਼ਨ ਅਤੇ ਸਰਕਾਰ ਕੋਲ ਆਪਣਾ ਪੱਖ ਕਈ ਵਾਰ ਰੱਖਿਆ ਸੀ ਪ੍ਰੰਤੂ ਹਾਲੇ ਤੱਕ ਮਸਲੇ ਦਾ ਕੋਈ ਹੱਲ ਨਹੀਂ ਹੋਇਆ। ਇਸ ਕਰਕੇ ਪ੍ਰਿੰਸੀਪਲ ਖਫਾ ਹਨ। ਨਵ ਨਿਯੁਕਤ ਪਿੰਸੀਪਲਾਂ ਨੂੰ ਉਚੇਰੀ ਜਿੰਮੇਵਾਰੀ ਦੀ ਤਰੱਕੀ ਦੇਣ, ਕੰਪਾਰਟਮੈਂਟ ਵਾਲੇ ਵਿਦਿਆਰਥੀਆਂ ਨੂੰ ਪ੍ਰਿੰਸੀਪਲਾਂ ਦੀ ਏ. ਸੀ. ਆਰ ਵਿੱਚ ਪਹਿਲਾਂ ਵਾਂਗ ਪਾਸ ਗਿਣਨ ਆਦਿ ਮੰਗਾਂ 'ਤੇ ਵਿਚਾਰ ਕਰਕੇ ਅਗਲੀ ਰਣਨੀਤੀ ਉਲੀਕੀ ਜਾਵੇਗੀ।

# 5,000 ਰੁਪਏ ਰਿਸ਼ਵਤ ਲੈਂਦਾ ਏ.ਐਸ.ਆਈ. ਵਿਜੀਲੈਂਸ ਬਿਊਰੋ ਵੱਲੋਂ ਗ੍ਰਿਫਤਾਰ

ਚੰਡੀਗੜ, 4 ਅਕਤੂਬਰ (ਪੋਸਟ ਬਿਊਰੋ): ਸੂਬੇ ਵਿੱਚੋਂ ਭ੍ਰਿਸ਼ਟਾਚਾਰ ਨੂੰ ਠੱਲ੍ਹ ਪਾਉਣ ਦੇ ਮੱਦੇਨਜ਼ਰ ਕੀਤੇ ਜਾ ਰਹੇ ਨਿਰੰਤਰ ਯਤਨਾਂ ਤਹਿਤ ਪੰਜਾਬ ਵਿਜੀਲੈਂਸ ਬਿਊਰੋ ਨੇ ਬੁੱਧਵਾਰ ਨੂੰ ਜ਼ਿਲ੍ਹਾ ਮਾਲੇਰਕੋਟਲਾ ਦੇ ਥਾਣਾ ਸੰਦੌੜ ਵਿਖੇ ਤਾਇਨਾਤ ਸਹਾਇਕ ਸਬ ਇੰਸਪੈਕਟਰ (ਏ.ਐਸ.ਆਈ.) ਹਰਜਿੰਦਰ ਸਿੰਘ (ਨੰ. 310/ਸੰਗਰੂਰ) ਨੂੰ 5,000 ਰਿਸ਼ਵਤ ਲੈਂਦਿਆਂ ਰੰਗੇ ਹੱਥੀ ਗ੍ਰਿਫਤਾਰ ਕਰਕੇ ਇੱਕ ਹੋਰ ਸਫਲਤਾ ਦਰਜ ਕੀਤੀ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸਆਈ. ਹਰਜਿੰਦਰ ਸਿੰਘ ਦੀ ਗ੍ਰਿਫ਼ਤਾਰੀ ਮਲੇਰਕੋਟਲਾ ਦੇ ਪਿੰਡ ਝੁਨੇਰ ਦੇ ਵਸਨੀਕ ਸੰਦੀਪ ਸਿੰਘ ਸੋਨੂੰ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਕੀਤੀ ਗਈ ਹੈ।

ਸ਼ਿਕਾਇਤਕਰਤਾ ਨੇ ਉਕਤ ਪੁਲਿਸ ਮੁਲਾਜ਼ਮ ਨਾਲ ਆਪਣੀ ਹੱਡਬੀਤੀ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਕਤ ਏ.ਐਸ.ਆਈ. ਨੇ ਨਸ਼ੀਲੇ ਪਦਾਰਥ ਰੱਖਣ ਦੇ ਸ਼ੱਕ ਤਹਿਤ ਉਸਦੇ ਘਰ ਦੀ ਤਲਾਸ਼ੀ ਲਈ ਸੀ। ਹਾਲਾਂਕਿ ਤਲਾਸ਼ੀ ਦੌਰਾਨ ਕੋਈ ਵੀ ਨਜਾਇਜ਼ ਜਾਂ ਗ਼ੈਰ-ਕਾਨੂੰਨੀ ਪਦਾਰਥ ਬਰਾਮਦ ਨਹੀਂ ਹੋਇਆ ਪਰ, ਇਸ ਦੇ ਬਾਵਜੂਦ ਏ.ਐਸ.ਆਈ. ਨੇ ਸ਼ਿਕਾਇਤਕਰਤਾ ਨੂੰ ਐਨ.ਡੀ.ਪੀ.ਐਸ. ਕਾਨੂੰਨ ਦਾ ਕੇਸ ਦਰਜ ਹੋਣ ਤੋਂ ਬਚਣ ਲਈ 7,000 ਰੁਪਏ ਰਿਸ਼ਵਤ ਵਜੋਂ ਦੇਣ ਲਈ ਜ਼ੋਰ ਪਾਇਆ। ਧਮਕੀਆਂ ਤੋਂ ਡਰਦਿਆਂ ਅਤੇ ਮਸਲੇ ਨੂੰ ਨਿਪਟਾਉਣ ਦੇ ਇਰਾਦੇ ਨਾਲ ਸ਼ਿਕਾਇਤਕਰਤਾ ਝਿਜਕਦੇ-ਝਿਜਕਦੇ, ਮਜਬੂਰੀਵੱਸ 5,000 ਰੁਪਏ ਰਿਸ਼ਵਤ ਦੇਣ ਲਈ ਰਾਜ਼ੀ ਹੋ ਗਿਆ।



ਇਹ ਸ਼ਿਕਾਇਤ ਮਿਲਣ 'ਤੇ ਵਿਜੀਲੈਂਸ ਬਿਊਰੋ ਰੇਂਜ ਲੁਧਿਆਣਾ ਦੀ ਆਰਥਿਕ ਅਪਰਾਧ ਸ਼ਾਖਾ (ਈ.ਓ.ਡਬਲਯੂ.) ਨੇ ਮੁਢਲੀ ਜਾਂਚ ਕੀਤੀ ਅਤੇ ਉਕਤ ਏਐਸਆਈ ਹਰਜਿੰਦਰ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 5,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਵਿਜੀਲੈਂਸ ਬਿਓਰੋ ਦੇ ਥਾਣਾ ਲੁਧਿਆਣਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 7 ਤਹਿਤ ਐਫਆਈਆਰ ਨੰਬਰ 14 ਮਿਤੀ 4 ਅਕਤੂਬਰ 2023 ਅਧੀਨ ਮੁਕੱਦਮਾ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਉਕਤ ਪੁਲਿਸ ਮੁਲਜ਼ਮ ਨੂੰ ਭਲਕੇ ਸਮਰੱਥ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

URGENTLY NEED NEW LISTINGS IN BRAMPTON/CALEDON
visit: www.teamjagaujla.com
ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE
CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED/SOLD IN YOUR NEIGHBOURHOOD

**SHELBURNE** (Simon St /Hwy 89)
ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੋਂ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

**CAMBRIDGE** (Speedsville/Equestrian Way)
ਐਂਡ ਯੂਨਿਟ ਕਾਨ੍ਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖੂਬਸੂਰਤ ਵਿਉ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀ-ਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

**BRAMPTON** (Mclaughlin / Steeles / Mavis)
ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

**BRAMPTON** (Wanless/Mclaughlin)
ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੈਟ ਏਂਨਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232 **Based on units sold & commissions **Some conditions apply
*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.
Call: JAG AUJLA Dir: 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT

# ਪੰਜਾਬ ਪੁਲਿਸ ਵੱਲੋਂ ਬੰਬੀਹਾ ਗਰੁੱਪ ਦੇ ਦੋ ਗੁਰਗੇ ਕਾਬੂ, ਚਾਰ ਪਿਸਤੌਲ ਬਰਾਮਦ

***ਗ੍ਰਿਫ਼ਤਾਰ ਮੁਲਜ਼ਮ ਅਵਤਾਰ ਗੋਰਾ 2014 ਦੇ ਜੈਤੂ ਦੋਹਰੇ ਕਤਲ ਕਾਂਡ ਵਿੱਚ ਵੀ ਸੀ ਲੋੜੀਂਦਾ: ਡੀਜੀਪੀ ਗੌਰਵ ਯਾਦਵ * ਮੁਲਜ਼ਮ ਬੰਬੀਹਾ ਗੈਂਗ ਦੇ ਮੈਂਬਰਾਂ ਨੂੰ ਲੌਜਿਸਟਿਕ ਸਹਾਇਤਾ, ਛੁਪਣਗਾਹਾਂ ਅਤੇ ਹਥਿਆਰ ਮੁਹੱਈਆ ਕਰਨ ਵਿੱਚ ਸਨ ਸ਼ਾਮਿਲ**

ਚੰਡੀਗੜ੍ਹ, 4 ਅਕਤੂਬਰ (ਗਿਆਨ ਸਿੰਘ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਸਮਾਜ ਵਿਰੋਧੀ ਅਨਸਰਾਂ ਖਿਲਾਫ਼ ਵਿੱਢੀ ਮੁਹਿੰਮ ਦੇ ਚਲਦਿਆਂ ਐਂਟੀ-ਗੈਂਗਸਟਰ ਟਾਸਕ ਫੋਰਸ (ਏ.ਜੀ.ਟੀ.ਐੱਫ.) ਨੇ ਐਸ.ਏ.ਐਸ.ਨਗਰ ਪੁਲਿਸ ਨਾਲ ਸਾਂਝੇ ਆਪ੍ਰੇਸ਼ਨ ਦੌਰਾਨ ਬੰਬੀਹਾ ਗੈਂਗ ਦੇ ਦੋ ਗੁਰਗਿਆਂ ਨੂੰ ਗ੍ਰਿਫ਼ਤਾਰ ਕਰਕੇ ਵੱਡੀ ਸਫ਼ਲਤਾ ਹਾਸਲ ਕੀਤੀ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।



ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅਵਤਾਰ ਸਿੰਘ ਉਰਫ਼ ਗੋਰਾ ਵਾਸੀ ਪਿੰਡ ਸੇਵੇ ਵਾਲਾ, ਫਰੀਦਕੋਟ ਅਤੇ ਅਜੈ ਕੁਮਾਰ ਉਰਫ਼ ਪ੍ਰੀਤ ਪੰਡਿਤ ਵਾਸੀ ਪਿੰਡ ਗਦਾਪੁਰ, ਪਟਿਆਲਾ ਵਜੋਂ ਹੋਈ ਹੈ। ਪੁਲਿਸ ਟੀਮਾਂ ਵੱਲੋਂ ਇਨ੍ਹਾਂ ਦੇ ਕਬਜ਼ੇ 'ਚੋਂ ਚਾਰ ਪਿਸਤੌਲਾਂ ਤਿੰਨ .32 ਬੋਰ ਪਿਸਤੌਲ ਅਤੇ ਇੱਕ .30 ਬੋਰ ਪਿਸਤੌਲ ਸਮੇਤ ਛੇ ਮੈਗਜ਼ੀਨਾਂ ਅਤੇ 16 ਜਿੰਦਾ ਕਾਰਤੂਸ ਬਰਾਮਦ ਕੀਤੇ ਗਏ ਹਨ ਅਤੇ ਇੱਕ ਸਪਲੈਂਡਰ ਮੋਟਰਸਾਈਕਲ ਵੀ ਜ਼ਬਤ ਕੀਤਾ ਗਿਆ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਭਰੋਸੇਯੋਗ ਸੂਚਨਾਵਾਂ 'ਤੇ ਕਾਰਵਾਈ ਕਰਦਿਆਂ ਏ.ਡੀ.ਜੀ.ਪੀ. ਪ੍ਰਮੋਦ ਬਾਨ ਦੀ ਨਿਗਰਾਨੀ ਹੇਠ ਏ.ਜੀ.ਟੀ.ਐਫ ਦੀ ਟੀਮ, ਜਿਸ ਦੀ ਅਗਵਾਈ ਏਆਈਜੀ ਏਜੀਟੀਐਫ ਸੰਦੀਪ ਗੋਇਲ ਕਰ ਰਹੇ ਸਨ, ਨੇ ਐਸ.ਏ.ਐਸ.ਨਗਰ ਪੁਲਿਸ ਨਾਲ ਸਾਂਝੇ ਆਪ੍ਰੇਸ਼ਨ ਦੌਰਾਨ ਦੋਨਾਂ ਮੁਲਜ਼ਮਾਂ ਨੂੰ ਪੁਰਾਣੀ ਅੰਬਾਲਾ-ਕਾਲਕਾ ਰੋਡ, ਢਕੋਲੀ ਤੋਂ ਗ੍ਰਿਫ਼ਤਾਰ ਕੀਤਾ ਜਦੋਂ ਉਹ ਆਪਣੇ ਮੋਟਰਸਾਈਕਲ 'ਤੇ ਜਾ ਰਹੇ ਸਨ। ਇਸ ਆਪ੍ਰੇਸ਼ਨ ਵਿੱਚ ਡੀਐਸਪੀ ਏਜੀਟੀਐਫ ਬਿਕਰਮ ਸਿੰਘ ਬਰਾੜ ਵੀ ਸ਼ਾਮਲ ਸਨ।

ਉਨ੍ਹਾਂ ਦੱਸਿਆ ਕਿ ਗ੍ਰਿਫ਼ਤਾਰ ਮੁਲਜ਼ਮ ਅਵਤਾਰ ਗੋਰਾ, ਜੋ ਕਿ ਗੈਂਗਸਟਰ ਗੁਰਬਖਸ਼ ਸੇਵੇਵਾਲ ਦਾ ਨਜ਼ਦੀਕੀ ਸਾਥੀ ਹੈ, 2014 ਵਿੱਚ ਜੈਤੂ ਵਿਖੇ ਵਾਪਰੇ ਸਨਸਨੀਖੇਜ਼ ਦੋਹਰੇ ਕਤਲ ਕਾਂਡ ਸਮੇਤ ਦੋ ਅਪਰਾਧਿਕ ਮਾਮਲਿਆਂ ਵਿੱਚ ਭਗੌੜਾ ਸੀ।

ਮੁੱਢਲੀ ਜਾਂਚ ਬਾਰੇ ਹੋਰ ਵੇਰਵੇ ਦਿੰਦਿਆਂ ਏਆਈਜੀ ਏਜੀਟੀਐਫ ਸੰਦੀਪ ਗੋਇਲ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਦੋਵੇਂ ਮੁਲਜ਼ਮ ਬੰਬੀਹਾ ਗਰੋਹ ਦੇ ਮੈਂਬਰਾਂ ਨੂੰ ਲੌਜਿਸਟਿਕਸ ਸਹਾਇਤਾ, ਛੁਪਣਗਾਹਾਂ ਅਤੇ ਹਥਿਆਰ ਮੁਹੱਈਆ ਕਰਵਾਉਣ ਵਿੱਚ ਸ਼ਾਮਲ ਸਨ ਅਤੇ ਸੂਬੇ ਵਿੱਚ ਸਨਸਨੀਖੇਜ਼ ਅਪਰਾਧ ਨੂੰ ਅੰਜ਼ਾਮ ਦੇਣ ਦੀ ਯੋਜਨਾ ਬਣਾ ਰਹੇ ਸਨ।

ਉਨ੍ਹਾਂ ਕਿਹਾ ਕਿ ਜਾਂਚ ਦੌਰਾਨ ਬੰਬੀਹਾ ਗਰੁੱਪ ਵੱਲੋਂ ਕੀਤੇ ਗਏ ਅਪਰਾਧਾਂ ਬਾਰੇ ਹੋਰ ਖੁਲਾਸੇ ਹੋਣ ਦੀ ਉਮੀਦ ਹੈ ਅਤੇ ਇਸ ਸਬੰਧੀ ਅਗਲੇਰੀ ਜਾਂਚ ਜਾਰੀ ਹੈ।

ਇਸ ਸਬੰਧੀ ਐਫਆਈਆਰ ਨੰ. 79 ਮਿਤੀ 3/10/2023 ਨੂੰ ਥਾਣਾ ਢਕੋਲੀ, ਐਸ.ਏ.ਐਸ.ਨਗਰ ਵਿਖੇ ਅਸਲਾ ਐਕਟ ਦੀ ਧਾਰਾ 25(6)(7) ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।

Dr. Randhawa Dentistry
Your own dentist who really cares for you
We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist
New Patients welcome
Deal Directly with all Insurance Companies
- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111


INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!

FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

Mayfield Rd / Mcvean Dr / Gore Rd / Squire Ellis Dr / DENTISTRY / Countryside Dr

Grand Upholstery Ltd
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com


THE UNTOLD STORY OF
SHAHEED KARTAR SINGH SARABHA
PRESS CONFRENCE
COURTYARD BY MARRIOT BRAMPTON
OCTOBER 9TH - 5:00PM
90 BISCAYNE CRES., BRAMPTON ON L6W4S1
FOR MORE INFO CONTACT:
GURSHARAN MANN - 416-854-2923
DARKHAN PUNJAB
PRESENTS
ਸ਼ਹੀਦ ਕਰਤਾਰ ਸਿੰਘ ਸਰਾਭਾ
ਦੀ ਉਹ ਕਹਾਣੀ ਜੋ ਕਦੀ ਨਹੀਂ ਸੁਣਾਈ ਗਈ
SARABHA
A FILM BY KAVI RAZ
ਸਰਾਭਾ
PRODUCERS: ARVIND SINGLA | KULDEEP SHARMA | VEEPASHA KASHYAP | SARBJIT HUNDAL | ANIL UPPAL | ANIL YADAV | KAVI RAZ
AMRIT GREWAL SARABHA | JATINDER JAY MINHAS. STARRING: JAPTEJ SINGH | MUKUL DEV | KAVI RAZ | KANWAR GREWAL | JASBIR JASSI
PRITHVI RAAJ SINGH SIDHU JASPINDER CHEEMA | MALKEET RAUNI | MAHABIR BHULLAR | MALKIAT MEET | ANKUR RATHEE
SUMEND WANKHANDE | GURPREET RATOL | AMANINDER DHILLON | SAMEER SHARMA | AKAASH YADAV | SHARHAAN SINGH | KABIR GILL
DARREN TASSELL | ALEX REECE | SPECIAL APPEARANCE: JOBANPREET SINGH. EXECUTIVE PRODUCER: SWARAN SINGH
DIRECTOR OF PHOTOGRAPHY (INDIA): INDERJIT BANSEL | (USA): AARON C SMITH
MUA: REGINA SCHIMER | COSTUME DESIGNER: SUNNY BINNING | PRODUCTION DESIGNER: ASHISH KAUSHAL
EDITOR: HARPER GAHUNIA | BACKGROUND SCORE: SHEZAN SHEIKH | MUSIC BY: ONKAR MINHAS | SAAJID SALAAM | DYA SINGH.
FIRST ASSIT. DIRECTOR: VICKEY KADAM | ASSIT. DIRECTOR: MALKIAT MEET | PUBLICITY DESIGNER: MILROY GOES
WRITTEN & DIRECTED BY KAVI RAZ
Distribution Partner
RELEASING WORLDWIDE IN CINEMAS
3RD NOVEMBER 2023


LOCAL & LONG DISTANCE MOVING
H.K. MOVERS
VANCOUVER - CALGARY - EDMONTON - WINNIPEG - TORONTO - OTTAWA - MONTREAL
CANADA'S MOVING COMPANY
H.K. MOVERS
LOCAL & LONG DISTANCE
416-524-6704
WELCOME TO ALBERTA
WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS
Best Business of 2023
ThreeBest Rated
Excellence
Call: 416.524.6704
www.hkmovers.ca
2023
ThreeBest Rated
Certificate OF EXCELLENCE
THREE BEST RATED
SAFE, RELIABLE AND EFFICIENT SERVICE AT THE BEST RATES


afc
ORDER ONLINE TODAY !!!
WWW.ASIANFOODCENTRE.COM
FREE PICK UP!!!
HOME DELIVERY ALSO AVAILABLE !!!
ASIAN FOOD CENTRE
VEGETARIAN FOOD
HEALTHY EATING
FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas
SERVING FROM ALL LOCATIONS IN GTA AREA:
10 Westmore Drive
Etobicoke ON M9V-3Z7
416-740-3262
21 Lacoste Blvd,
Brampton, ON L6P 2K2
905 794-8109
621 Wanless drive, # 122
Brampton ON L7A 0A9
905-495-3336
1075 Ceremonial Drive
Mississauga ON L5R 2Z4
905-502-1600
80 Pertosa Drive
Brampton ON L5X-5E9
905-460-0009
10510 Torbram Road,
Brampton
905-790-0030
2120 North park Drive
Brampton ON L6S 0C9
905-793-1338
10 Pannahill Dr,
Brampton
905 913-8017